ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194895582124531/

https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 15 ਅਕਤੂਬਰ 2024 (ਨਾਨਕਸ਼ਾਹੀ ਸੰਮਤ : ੫੫੬, ੩੦ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਪੰਜਾਬ 'ਚ ਵੱਡਾ ਹਾਦਸਾ, ਤਿੰਨ ਭਰਾਵਾਂ ਦੀ ਥਾਈਂ ਮੌਤ

**ਪਟਿਆਲਾ, 14 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪਟਿਆਲਾ-ਸਰਹਿੰਦ ਰੋਡ 'ਤੇ ਪੈਂਦੇ ਪਿੰਡ ਫੱਗਣ ਮਾਜਰਾ ਕੋਲ ਵਾਪਰੇ ਭਿਆਨਕ ਸੜਕ ਹਾਦਸੇ ਵਿਚ ਕਾਰ ਸਵਾਰ ਤਿੰਨ ਭਰਾਵਾਂ ਦੀ ਮੌਤ ਹੋ ਗਈ। ਮ੍ਰਿਤਕਾਂ ਵਿਚ ਦੋ ਸਕੇ ਭਰਾ ਸਨ ਜਦਕਿ ਇਕ ਚਚੇਰਾ ਭਰਾ ਸੀ। ਇਸ ਹਾਦਸੇ ਵਿਚ ਦੋ ਹੋਰ ਵਿਅਕਤੀ ਗੰਭੀਰ ਜ਼ਖ਼ਮੀ ਹੋ ਗਏ, ਜਿਨ੍ਹਾਂ ਗੰਭੀਰ ਹਾਲਤ ਵਿਚ ਹਸਪਤਾਲ ਦਾਖਲ ਕਰਵਾਇਆ ਗਿਆ ਹੈ। ਮ੍ਰਿਤਕਾਂ ਦੀ ਪਛਾਣ ਰਛਪਾਲ ਸਿੰਘ (34) ਪਿੰਡ ਧਨੌਂਡਾ ਵਾਸੀ ਮੂਲੇਪੁਰ ਫਤਹਿਗੜ੍ਹ ਸਾਹਿਬ, ਰਘੁਵੀਰ ਸਿੰਘ (32) ਅਤੇ ਉਸ ਦੇ ਚਚੇਰੇ ਭਰਾ ਮਨਵੀਰ (21) ਵਜੋਂ ਹੋਈ ਹੈ। ਇਸ ਤੋਂ ਇਲਾਵਾ ਜ਼ਖ਼ਮੀਆਂ 'ਚ ਵਿੱਕੀ ਨੂੰ ਪੀਜੀਆਈ ਰੈਫਰ ਕਰ ਦਿੱਤਾ ਗਿਆ ਹੈ ਤੇ ਇਕ ਹੋਰ ਜ਼ਖ਼ਮੀ ਵਿਅਕਤੀ ਪਟਿਆਲਾ ਦੇ ਰਾਜਿੰਦਰਾ ਹਸਪਤਾਲ 'ਚ ਇਲਾਜ ਅਧੀਨ ਹੈ। ਇਸ ਹਾਦਸੇ 'ਚ ਕਾਰ ਤੇ ਟਰੈਕਟਰ-ਟਰਾਲੀ ਵਿਚਾਲੇ ਸਿੱਧੀ ਟੱਕਰ ਹੋ ਗਈ। ਦੱਸਿਆ ਜਾ ਰਿਹਾ ਹੈ ਕਿ ਕਾਰ ਸਵਾਰ ਨੌਜਵਾਨ ਫਤਹਿਗੜ੍ਹ ਸਾਹਿਬ ਤੋਂ ਪਟਿਆਲਾ ਵੱਲ ਆ ਰਹੇ ਸਨ। ਜਿਵੇਂ ਹੀ ਉਹ ਫੱਗਣ ਮਾਜਰਾ ਕੋਲ ਪਹੁੰਚੇ ਤਾਂ ਇਹ ਹਾਦਸਾ ਵਾਪਰ ਗਿਆ। ਸੂਚਨਾ ਮਿਲਦਿਆਂ ਹੀ ਐੱਸ. ਐੱਸ. ਐੱਫ. ਦੇ ਕਾਂਸਟੇਬਲ ਬੌਬੀ ਖਾਨ, ਚਮਕੌਰ ਸਿੰਘ ਅਤੇ ਸੰਦੀਪ ਗਿੱਲ ਤੁਰੰਤ ਮੌਕੇ 'ਤੇ ਪਹੁੰਚੇ ਸਾਰੇ ਵਿਅਕਤੀਆਂ ਨੂੰ ਗੱਡੀ 'ਚੋਂ ਬਾਹਰ ਕੱਢ ਕੇ ਹਸਪਤਾਲ ਪਹੁੰਚਾਇਆ ਪਰ ਦੋ ਵਿਅਕਤੀਆਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਪੁਲਸ ਮੁਤਾਬਕ ਰਘਵੀਰ ਸਿੰਘ ਦੇ ਰਿਸ਼ਤੇਦਾਰ ਦੀ ਤਬੀਅਤ ਖ਼ਰਾਬ ਹੋਣ ਕਾਰਨ ਉਸ ਨੂੰ ਪਟਿਆਲਾ ਦੇ ਹਸਪਤਾਲ 'ਚ ਦਾਖ਼ਲ ਕਰਵਾਇਆ ਗਿਆ ਸੀ।

# ਹਾਈਕੋਰਟ ਨੇ 700 ਪਟੀਸ਼ਨਾਂ ਕੀਤੀਆਂ ਰੱਦ

# 250 ਪੰਚਾਇਤਾਂ ਦੀਆਂ ਚੋਣਾਂ 'ਤੇ ਲਾਈ ਪਾਬੰਦੀ ਵੀ ਹਟਾਈ

**ਚੰਡੀਗੜ੍ਹ, 14 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿੱਚ ਪੰਚਾਇਤੀ ਚੋਣਾਂ ਦਾ ਰਾਹ ਪੱਧਰਾ ਹੋ ਗਿਆ ਹੈ। ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਕਰੀਬ 700 ਪਟੀਸ਼ਨਾਂ 'ਤੇ ਸੁਣਵਾਈ ਕਰਦਿਆਂ ਇਨ੍ਹਾਂ ਨੂੰ ਰੱਦ ਕਰ ਦਿੱਤਾ ਹੈ। ਇਸ ਤੋਂ ਇਲਾਵਾ ਹਾਈ ਕੋਰਟ ਨੇ 250 ਪੰਚਾਇਤਾਂ ਦੀ ਚੋਣ ਪ੍ਰਕਿਰਿਆ

## ਪੰਚਾਇਤੀ ਵੋਟਾਂ ਅੱਜ



'ਤੇ ਲੱਗੀ ਰੋਕ ਵੀ ਹਟਾ ਦਿੱਤੀ ਹੈ। ਅਜਿਹੇ 'ਚ ਸਪੱਸ਼ਟ ਹੈ ਕਿ ਕੱਲ੍ਹ ਸਵੇਰੇ 8 ਵਜੇ ਤੋਂ ਉਥੇ ਵੋਟਿੰਗ ਹੋਵੇਗੀ। ਪੰਜਾਬ ਦੇ ਐਡਵੋਕੇਟ ਜਨਰਲ (17) ਗੁਰਮਿੰਦਰ ਸਿੰਘ ਨੇ ਕਿਹਾ ਕਿ ਇਹ ਆਮ ਲੋਕਾਂ ਲਈ ਵੱਡੀ ਰਾਹਤ ਹੈ। ਇਸ ਤੋਂ ਪਹਿਲਾਂ ਚੋਣਾਂ ਨੂੰ ਲੈ ਕੇ ਕਈ ਬੱਦਲ ਮੰਡਰਾ ਰਹੇ ਸਨ ਪਰ ਹੁਣ ਇਹ ਸਪੱਸ਼ਟ ਹੈ ਕਿ ਚੋਣਾਂ ਹੋਣਗੀਆਂ। ਪੰਚਾਇਤੀ ਚੋਣਾਂ ਸਬੰਧੀ ਸੁਣਵਾਈ ਅੱਜ ਸਵੇਰ ਤੋਂ ਹੀ ਹਾਈ ਕੋਰਟ ਵਿੱਚ ਸ਼ੁਰੂ ਹੋ ਗਈ ਸੀ। ਇਸ ਦੌਰਾਨ ਹਰੇਕ ਪਟੀਸ਼ਨ ਨੂੰ ਵੱਖਰੇ ਆਧਾਰ 'ਤੇ ਚੁਣੌਤੀ ਦਿੱਤੀ ਗਈ। ਪੰਜਾਬ ਦੇ ਐਡਵੋਕੇਟ ਜਨਰਲ ਆਪਣੀ ਟੀਮ ਨਾਲ ਅਦਾਲਤ ਵਿੱਚ ਹਾਜ਼ਰ ਸਨ। ਇਸ ਦੌਰਾਨ ਜਿਨ੍ਹਾਂ ਪੰਚਾਇਤਾਂ ਦੀਆਂ ਚੋਣਾਂ 'ਤੇ ਪਹਿਲਾਂ ਰੋਕ ਲੱਗੀ ਹੋਈ ਸੀ, ਉਨ੍ਹਾਂ ਦੀ ਚੋਣ ਪ੍ਰਕਿਰਿਆ ਵੀ ਸ਼ੁਰੂ ਹੋ ਗਈ। ਉਸ ਵਿਰੁੱਧ ਅਦਾਲਤ ਵਿੱਚ ਪਟੀਸ਼ਨ ਵੀ ਪਾਈ ਗਈ ਸੀ। ਇਸ ਸਬੰਧੀ ਫੈਸਲਾ ਸ਼ਾਮ ਨੂੰ ਪੌਣੇ ਚਾਰ ਵਜੇ ਸੁਣਾਇਆ ਗਿਆ। ਜ਼ਿਆਦਾਤਰ ਪਟੀਸ਼ਨਾਂ ਸ਼੍ਰੋਮਣੀ ਅਕਾਲੀ ਦਲ ਅਤੇ ਕਾਂਗਰਸ ਨਾਲ ਜੁੜੇ ਆਗੂਆਂ ਅਤੇ ਸਮਰਥਕਾਂ ਦੀਆਂ ਸਨ। ਦੱਸ ਦਈਏ ਕਿ ਅੱਜ ਪੰਜਾਬ ਕਾਂਗਰਸ ਦੇ ਆਗੂਆਂ ਨੇ ਰਾਜ ਚੋਣ ਕਮਿਸ਼ਨ ਤੋਂ ਪੰਚਾਇਤੀ ਚੋਣਾਂ ਤਿੰਨ ਹਫ਼ਤਿਆਂ ਲਈ ਮੁਲਤਵੀ ਕਰਨ ਦੀ ਮੰਗ ਕੀਤੀ ਹੈ। ਕਾਂਗਰਸੀ ਆਗੂਆਂ ਦਾ ਇੱਕ ਵਫ਼ਦ ਸੂਬਾ ਚੋਣ ਕਮਿਸ਼ਨ ਨੂੰ ਮਿਲਿਆ। ਕਾਂਗਰਸੀ ਆਗੂਆਂ ਨੇ ਦੋਸ਼ ਲਾਇਆ ਕਿ ਚੋਣਾਂ ਵਿੱਚ ਵੱਡੇ ਪੱਧਰ 'ਤੇ ਧੋਖਾਧੜੀ ਹੋਈ ਹੈ ਜਿਸ ਕਾਰਨ ਲੋਕ ਸਹਿਮੇ ਹੋਏ ਹਨ। ਪ੍ਰਤਾਪ ਸਿੰਘ ਬਾਜਵਾ ਨੇ ਕਿਹਾ ਕਿ ਅਸੀਂ ਚੋਣਾਂ ਰੱਦ ਕਰਨ ਦੀ ਮੰਗ ਨਹੀਂ ਕਰ ਰਹੇ। ਅਸੀਂ ਪੂਰੀ ਚੋਣ ਪ੍ਰਕਿਰਿਆ ਨੂੰ ਤਿੰਨ ਹਫ਼ਤਿਆਂ ਲਈ ਮੁਲਤਵੀ ਕਰਨ ਦੀ ਮੰਗ ਕੀਤੀ ਹੈ। ਉਨ੍ਹਾਂ ਦੋਸ਼ ਲਾਇਆ ਕਿ ਸੱਤਾਧਾਰੀ ਆਮ ਆਦਮੀ ਪਾਰਟੀ ਦੇ ਆਗੂਆਂ ਨੇ ਜਾਅਲੀ ਬੈਲਟ ਪੇਪਰ ਛਾਪੇ ਹਨ। ਜ਼ਿਕਰ ਕਰ ਦਈਏ ਕਿ ਪੰਜਾਬ ਵਿੱਚ ਅੱਜ 15 ਅਕਤੂਬਰ ਨੂੰ ਪੰਚਾਇਤੀ ਚੋਣਾਂ ਹੋਣੀਆਂ ਹਨ। ਇਸ ਵਾਰ ਪਾਰਟੀ ਚੋਣ ਨਿਸ਼ਾਨ 'ਤੇ ਵੀ ਚੋਣਾਂ ਨਹੀਂ ਹੋ ਰਹੀਆਂ ਪਰ ਇਸ ਦੇ ਬਾਵਜੂਦ ਵਿਰੋਧੀ ਪਾਰਟੀਆਂ ਦਾ ਦੋਸ਼ ਹੈ ਕਿ ਉਨ੍ਹਾਂ ਨਾਲ ਜੁੜੇ ਲੋਕਾਂ ਤੇ ਉਮੀਦਵਾਰਾਂ ਦੀਆਂ ਨਾਮਜ਼ਦਗੀਆਂ ਜ਼ਬਰਦਸਤੀ ਰੱਦ ਕੀਤੀਆਂ ਗਈਆਂ ਹਨ।

## ਆਸਟ੍ਰੇਲੀਆਈ ਜਨਤਾ ਗਣਰਾਜ ਬਣਨ ਲਈ ਵੋਟ ਕਰਦੀ ਹੈ ਤਾਂ ਉਹ ਦਖਲ ਨਹੀਂ ਦਿਆਂਗਾ : ਕਿੰਗ ਚਾਰਲਸ

**ਸਿਡਨੀ, 14 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਕਿੰਗ ਚਾਰਲਸ ਨੇ ਪੁਸ਼ਟੀ ਕੀਤੀ ਹੈ ਕਿ ਜੇਕਰ ਆਸਟ੍ਰੇਲੀਆਈ ਜਨਤਾ ਗਣਰਾਜ ਬਣਨ ਲਈ ਵੋਟ ਕਰਦੀ ਹੈ ਤਾਂ ਉਹ ਦਖਲ ਨਹੀਂ ਦੇਣਗੇ। ਅਗਲੇ ਹਫ਼ਤੇ ਉਨ੍ਹਾਂ ਦੇ ਸ਼ਾਹੀ ਦੌਰੇ ਤੋਂ ਪਹਿਲਾਂ ਆਸਟ੍ਰੇਲੀਆਈ ਗਣਤੰਤਰ ਅੰਦੋਲਨ ਨੇ ਬਕਿੰਘਮ ਪੈਲੇਸ ਨੂੰ ਇੱਕ ਚਿੱਠੀ ਭੇਜ ਕੇ ਕਿੰਗ ਨਾਲ ਮੁਲਾਕਾਤ ਦੀ ਬੇਨਤੀ ਕੀਤੀ ਸੀ। ਕਿੰਗ ਚਾਰਲਸ ਦੀ ਤਰਫੋਂ ਜਵਾਬ ਦਿੰਦੇ ਹੋਏ ਸਕੱਤਰ ਡਾਕਟਰ ਨਾਥਨ ਰੌਸ ਨੇ ਕਿਹਾ ਕਿ ਜੇਕਰ ਆਸਟ੍ਰੇਲੀਆਈ ਲੋਕ ਉਨ੍ਹਾਂ ਨੂੰ ਰਾਜ ਦੇ ਮੁਖੀ ਵਜੋਂ ਹਟਾਉਣ ਦਾ ਫ਼ੈਸਲਾ ਕਰਦੇ ਹਨ ਤਾਂ ਉਹ ਵਿਰੋਧ ਨਹੀਂ ਕਰਨਗੇ। ਰੌਸ ਨੇ ਕਿਹਾ, "ਮਹਾਰਾਜ, ਇੱਕ ਸੰਵਿਧਾਨਕ ਬਾਦਸ਼ਾਹ ਵਜੋਂ ਆਪਣੇ ਮੰਤਰੀਆਂ ਦੀ ਸਲਾਹ 'ਤੇ ਕੰਮ ਕਰਦਾ ਹੈ ਅਤੇ ਕੀ ਆਸਟ੍ਰੇਲੀਆ ਇੱਕ ਗਣਰਾਜ ਬਣਦਾ ਹੈ ਜਾਂ ਨਹੀਂ, ਇਸ ਸਬੰਧੀ ਫ਼ੈਸਲਾ ਆਸਟ੍ਰੇਲੀਆਈ ਜਨਤਾ ਨੇ ਕਰਨਾ ਹੈ।" ਰੌਸ ਮੁਤਾਬਕ, "ਕਿਰਪਾ ਕਰਕੇ ਵਿਸ਼ਵਾਸ ਰੱਖੋ ਕਿ ਇਸ ਮਾਮਲੇ 'ਤੇ ਤੁਹਾਡੇ ਵਿਚਾਰ ਬਹੁਤ ਧਿਆਨ ਨਾਲ ਨੋਟ ਕੀਤੇ ਗਏ ਹਨ।" ਬਾਦਸ਼ਾਹ ਦੀ ਟਿੱਪਣੀ ਮਹਾਰਾਣੀ ਕੈਮਿਲਾ ਨਾਲ ਉਨ੍ਹਾਂ ਦੇ ਸ਼ਾਹੀ ਦੌਰੇ ਤੋਂ ਕੁਝ ਦਿਨ ਪਹਿਲਾਂ ਆਈ ਹੈ।



## 7 ਸਾਲ 4 ਮਹੀਨੇ ਬਾਅਦ ਜੰਮੂ-ਕਸ਼ਮੀਰ 'ਚੋਂ ਹਟਿਆ ਰਾਸ਼ਟਰਪਤੀ ਸ਼ਾਸਨ ! ਹੁਣ ਉਮਰ ਅਬਦੁੱਲਾ ਸਾਂਭਣਗੇ ਰਾਜ !

**ਸ੍ਰੀਨਗਰ, 14 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਜੰਮੂ-ਕਸ਼ਮੀਰ ਤੋਂ ਰਾਸ਼ਟਰਪਤੀ ਸ਼ਾਸਨ ਹਟਾ ਲਿਆ ਗਿਆ, ਜਿਸ ਨਾਲ ਕੇਂਦਰ ਸ਼ਾਸਤ ਪ੍ਰਦੇਸ਼ 'ਚ ਨਵੀਂ ਸਰਕਾਰ ਬਣਨ ਦਾ ਰਾਹ ਪੱਧਰਾ ਹੋ ਗਿਆ ਹੈ। ਕੇਂਦਰੀ ਗ੍ਰਹਿ ਮੰਤਰਾਲੇ ਨੇ ਇਸ ਸਬੰਧੀ ਗਜ਼ਟ ਨੋਟੀਫਿਕੇਸ਼ਨ ਜਾਰੀ ਕੀਤਾ ਹੈ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਦੁਆਰਾ ਹਸਤਾਖਰ ਕੀਤੇ ਨੋਟੀਫਿਕੇਸ਼ਨ ਵਿੱਚ ਕਿਹਾ ਗਿਆ ਹੈ, "ਜੰਮੂ ਅਤੇ ਕਸ਼ਮੀਰ ਪੁਨਰਗਠਨ ਐਕਟ, 2019 (2019 ਦਾ 34) ਦੀ ਧਾਰਾ 73 ਦੁਆਰਾ ਪ੍ਰਦਾਨ ਕੀਤੀਆਂ ਗਈਆਂ ਸ਼ਕਤੀਆਂ ਦੀ ਵਰਤੋਂ ਕਰਦਿਆਂ ਹੋਇਆਂ, ਭਾਰਤ, ਜੰਮੂ ਅਤੇ ਕਸ਼ਮੀਰ ਦੇ ਸੰਵਿਧਾਨ ਦੇ ਅਨੁਛੇਦ 239 ਅਤੇ 239ਏ ਦੇ ਨਾਲ ਪੜ੍ਹਿਆ ਗਿਆ।" ਮੁੱਖ ਮੰਤਰੀ ਦੀ ਨਿਯੁਕਤੀ ਤੋਂ ਤੁਰੰਤ ਪਹਿਲਾਂ ਕੇਂਦਰ ਸ਼ਾਸਤ ਪ੍ਰਦੇਸ਼ ਦੇ ਸਬੰਧ ਵਿੱਚ 31 ਅਕਤੂਬਰ, 2019 ਦਾ ਹੁਕਮ, ਜੰਮੂ ਅਤੇ ਕਸ਼ਮੀਰ ਪੁਨਰਗਠਨ ਐਕਟ, 2019 ਦੀ ਧਾਰਾ 54 ਦੇ ਤਹਿਤ ਰੱਦ ਕਰ ਦਿੱਤਾ ਗਿਆ ਹੈ।÷ ਨੈਸ਼ਨਲ ਕਾਨਫਰੰਸ-ਕਾਂਗਰਸ ਗਠਜੋੜ ਨੇ ਹਾਲ ਹੀ ਵਿੱਚ ਹੋਈਆਂ ਜੰਮੂ-ਕਸ਼ਮੀਰ ਵਿਧਾਨ ਸਭਾ ਚੋਣਾਂ ਵਿੱਚ ਜਿੱਤ ਹਾਸਲ ਕੀਤੀ ਹੈ। ਨੈਸ਼ਨਲ ਕਾਨਫਰੰਸ ਦੇ ਉਪ ਪ੍ਰਧਾਨ ਉਮਰ ਅਬਦੁੱਲਾ ਜੰਮੂ-ਕਸ਼ਮੀਰ ਦੇ ਅਗਲੇ ਮੁੱਖ ਮੰਤਰੀ ਹੋਣਗੇ। ਉਨ੍ਹਾਂ ਨੂੰ ਗਠਜੋੜ ਦਾ ਨੇਤਾ ਚੁਣਿਆ ਗਿਆ ਹੈ। ਜੰਮੂ ਅਤੇ ਕਸ਼ਮੀਰ ਦੇ ਪੁਰਾਣੇ ਰਾਜ ਨੂੰ ਦੋ ਕੇਂਦਰ ਸ਼ਾਸਤ ਪ੍ਰਦੇਸ਼ਾਂ - ਜੰਮੂ ਅਤੇ ਕਸ਼ਮੀਰ ਅਤੇ ਲੱਦਾਖ ਵਿੱਚ ਵੰਡਣ ਤੋਂ ਬਾਅਦ 31 ਅਕਤੂਬਰ 2019 ਨੂੰ ਜੰਮੂ ਅਤੇ ਕਸ਼ਮੀਰ ਵਿੱਚ ਰਾਸ਼ਟਰਪਤੀ ਰਾਜ ਲਾਗੂ ਕੀਤਾ ਗਿਆ ਸੀ। ਜੰਮੂ ਅਤੇ ਕਸ਼ਮੀਰ ਪੁਨਰਗਠਨ ਐਕਟ, 2019 ਨੂੰ ਸੰਸਦ ਦੁਆਰਾ 5 ਅਗਸਤ, 2019 ਨੂੰ ਪਾਸ ਕੀਤਾ ਗਿਆ ਸੀ। ਸੰਵਿਧਾਨ ਦੀ ਧਾਰਾ 370, ਜਿਸ ਨੇ ਪੁਰਾਣੇ ਰਾਜ ਨੂੰ ਵਿਸ਼ੇਸ਼ ਦਰਜਾ ਦਿੱਤਾ ਸੀ, ਨੂੰ ਵੀ ਉਸੇ ਦਿਨ ਰੱਦ ਕਰ ਦਿੱਤਾ ਗਿਆ ਸੀ। 31 ਅਕਤੂਬਰ, 2019 ਤੋਂ ਪਹਿਲਾਂ, ਤਤਕਾਲੀ ਮੁੱਖ ਮੰਤਰੀ ਮਹਿਬੂਬਾ ਮੁਫਤੀ ਦੇ ਅਸਤੀਫੇ ਤੋਂ ਬਾਅਦ ਜੂਨ 2017 ਤੋਂ ਰਾਜ ਵਿੱਚ ਰਾਸ਼ਟਰਪਤੀ ਸ਼ਾਸਨ ਲਾਗੂ ਸੀ। ਉਸ ਸਮੇਂ ਭਾਰਤੀ ਜਨਤਾ ਪਾਰਟੀ (ਭਾਜਪਾ) ਨੇ ਪੀਪਲਜ਼ ਡੈਮੋਕ੍ਰੇਟਿਕ ਪਾਰਟੀ (ਪੀਡੀਪੀ) ਦੀ ਅਗਵਾਈ ਵਾਲੀ ਸਰਕਾਰ ਤੋਂ ਸਮਰਥਨ ਵਾਪਸ ਲੈ ਲਿਆ ਸੀ। ਜੰਮੂ-ਕਸ਼ਮੀਰ 'ਚ ਸਰਕਾਰ ਬਣਾਉਣ ਦਾ ਰਸਤਾ ਸਾਫ਼ ਹੋ ਗਿਆ ਹੈ। ਸੰਭਾਵਨਾ ਹੈ ਕਿ ਉਮਰ ਅਬਦੁੱਲਾ 16 ਅਕਤੂਬਰ ਨੂੰ ਸ੍ਰੀਨਗਰ ਵਿੱਚ ਆਪਣੀ ਕੈਬਨਿਟ ਸਮੇਤ ਸਹੁੰ ਚੁੱਕਣਗੇ। ਹਾਲਾਂਕਿ, ਤਰੀਕ ਦਾ ਅਧਿਕਾਰਤ ਤੌਰ 'ਤੇ ਐਲਾਨ ਨਹੀਂ ਕੀਤਾ ਗਿਆ ਹੈ। ਐਨਸੀ ਮੁਖੀ ਫਾਰੂਕ ਅਬਦੁੱਲਾ ਨੇ ਪਿਛਲੇ ਵੀਰਵਾਰ ਨੂੰ ਦੱਸਿਆ ਸੀ ਕਿ ਉਮਰ ਅਬਦੁੱਲਾ ਨੂੰ ਪਾਰਟੀ ਦੀ ਮੀਟਿੰਗ ਵਿੱਚ ਸਰਬਸੰਮਤੀ ਨਾਲ ਵਿਧਾਇਕ ਦਲ ਦਾ ਨੇਤਾ ਚੁਣਿਆ ਗਿਆ ਹੈ।



## ਗੋਲੀਆਂ ਨਾਲ ਭਰੀ ਬੰਦੂਕ, ਫਰਜ਼ੀ ਪ੍ਰੈਸ ਕਾਰਡ ਲੈਕੇ ਟਰੰਪ ਦੀ ਹੱਤਿਆ ਕਰਨ ਪਹੁੰਚਿਆ ਵਿਅਕਤੀ



**ਵਾਸ਼ਿੰਗਟਨ, 14 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਅਮਰੀਕਾ 'ਚ ਰਾਸ਼ਟਰਪਤੀ ਚੋਣਾਂ ਤੋਂ ਪਹਿਲਾਂ ਕਮਲਾ ਹੈਰਿਸ ਅਤੇ ਡੋਨਾਲਡ ਟਰੰਪ ਲਗਾਤਾਰ ਪ੍ਰਚਾਰ ਕਰ ਰਹੇ ਹਨ। ਇਸ ਦੌਰਾਨ ਤੀਜੀ ਵਾਰ ਰਿਪਬਲਿਕਨ ਪਾਰਟੀ ਦੇ ਉਮੀਦਵਾਰ ਟਰੰਪ 'ਤੇ ਜਾਨਲੇਵਾ ਹਮਲਾ ਹੋਇਆ। ਹਾਲਾਂਕਿ ਉਹ ਸੁਰੱਖਿਅਤ ਹਨ। ਇਸ ਵਾਰ ਟਰੰਪ 'ਤੇ ਜਾਨਲੇਵਾ ਹਮਲਾ ਕਰਨ ਆਇਆ ਵਿਅਕਤੀ ਸਾਬਕਾ ਰਾਸ਼ਟਰਪਤੀ ਦੀ ਰੈਲੀ ਵਾਲੀ ਥਾਂ ਤੋਂ ਕੁਝ ਦੂਰੀ 'ਤੇ ਫੜਿਆ ਗਿਆ। ਤੁਹਾਨੂੰ ਦੱਸ ਦਈਏ ਕਿ ਇਸ ਤੋਂ ਪਹਿਲਾਂ ਵੀ ਦੋ ਵਾਰ ਟਰੰਪ 'ਤੇ ਹਮਲਾ ਕਰਨ ਦੀ ਕੋਸ਼ਿਸ਼ ਹੋ ਚੁੱਕੀ ਹੈ। ਇਸ ਤੋਂ ਪਹਿਲਾਂ 13 ਜੁਲਾਈ ਨੂੰ ਮੈਥਿਊ ਕਰੂਕਸ ਨੇ ਪੈਨਸਿਲਵੇਨੀਆ ਦੇ ਬਟਲਰ 'ਚ ਟਰੰਪ 'ਤੇ ਗੋਲੀ ਚਲਾਈ ਸੀ। ਹਾਲਾਂਕਿ, ਉਨ੍ਹਾਂ ਨੂੰ ਸੁਰੱਖਿਆ ਕਰਮਚਾਰੀਆਂ ਨੇ ਮਾਰ ਦਿੱਤਾ ਸੀ। ਇਸ ਤੋਂ ਬਾਅਦ ਸਤੰਬਰ 'ਚ ਦੂਜੀ ਵਾਰ ਉਨ੍ਹਾਂ 'ਤੇ ਹਮਲਾ ਕਰਨ ਦੀ ਕੋਸ਼ਿਸ਼ ਕੀਤੀ ਗਈ। ਰਿਆਨ ਵੇਸਲੇ ਰਾਊਥ ਨਾਂ ਦੇ ਵਿਅਕਤੀ ਨੂੰ ਗੋਲਫ ਕੋਰਸ 'ਤੇ ਟਰੰਪ ਨੂੰ ਮਾਰਨ ਦੀ ਕੋਸ਼ਿਸ਼ ਕਰਨ ਲਈ ਗ੍ਰਿਫਤਾਰ ਕੀਤਾ ਗਿਆ ਸੀ। ਟਰੰਪ 'ਤੇ ਤੀਜੀ ਵਾਰ ਜਾਨਲੇਵਾ ਹਮਲਾ ਕਰਨ ਵਾਲੇ ਵਿਅਕਤੀ ਦਾ ਨਾਂ ਵੇਮ ਮਿਲਰ ਹੈ। ਜਦੋਂ ਟਰੰਪ ਰਾਸ਼ਟਰਪਤੀ ਚੋਣ ਲਈ ਪ੍ਰਚਾਰ ਕਰ ਰਹੇ ਸਨ ਤਾਂ ਉਸ ਥਾਂ ਤੋਂ ਕੁਝ ਦੂਰੀ 'ਤੇ ਸੁਰੱਖਿਆ ਕਰਮਚਾਰੀਆਂ ਨੇ ਵੇਮ ਮਿਲਰ ਨੂੰ ਗ੍ਰਿਫਤਾਰ ਕਰ ਲਿਆ। ਉਸ ਕੋਲੋਂ ਗੋਲੀਆਂ ਨਾਲ ਭਰੀ ਇੱਕ ਬੰਦੂਕ ਅਤੇ ਪ੍ਰੈਸ ਦਾ ਇੱਕ ਜਾਅਲੀ ਆਈ-ਕਾਰਡ ਬਰਾਮਦ ਹੋਇਆ ਹੈ। ਟਰੰਪ ਦੀ ਇਸ ਰੈਲੀ ਲਈ ਉਨ੍ਹਾਂ ਕੋਲ ਪਾਸ ਵੀ ਸੀ। ਪੁਲਿਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਵੇਮ ਮਿਲਰ ਲਾਸ ਵੇਗਾਸ ਦਾ ਰਹਿਣ ਵਾਲਾ ਹੈ। ਅਮਰੀਕਾ ਵਿੱਚ ਇਸ ਸਾਲ ਰਾਸ਼ਟਰਪਤੀ ਅਤੇ ਉਪ ਰਾਸ਼ਟਰਪਤੀ ਦੇ ਅਹੁਦਿਆਂ ਲਈ ਚੋਣਾਂ ਹੋਣ ਜਾ ਰਹੀਆਂ ਹਨ। ਚੋਣਾਂ 'ਚ ਮੁੱਖ ਮੁਕਾਬਲਾ ਡੋਨਾਲਡ ਟਰੰਪ ਅਤੇ ਕਮਲਾ ਹੈਰਿਸ ਵਿਚਾਲੇ ਹੈ। ਡੈਮੋਕ੍ਰੇਟਿਕ ਪਾਰਟੀ ਦੀ ਉਮੀਦਵਾਰ ਕਮਲਾ ਹੈਰਿਸ ਹੈ, ਜੋ ਇਸ ਸਮੇਂ ਉਪ ਰਾਸ਼ਟਰਪਤੀ ਦਾ ਅਹੁਦਾ ਸੰਭਾਲ ਰਹੀ ਹੈ। ਰਿਪਬਲਿਕਨ ਪਾਰਟੀ ਦੇ ਉਮੀਦਵਾਰ ਡੋਨਾਲਡ ਟਰੰਪ 2016 ਤੋਂ 2020 ਤੱਕ ਅਮਰੀਕਾ ਦੇ ਰਾਸ਼ਟਰਪਤੀ ਰਹੇ ਹਨ। ਦੱਸ ਦਈਏ ਕਿ ਇਸ ਵਾਰ ਅਮਰੀਕੀ ਚੋਣਾਂ 'ਚ ਮੌਜੂਦਾ ਰਾਸ਼ਟਰਪਤੀ ਜੋ ਬਿਡੇਨ ਦਾ ਨਾਂ ਵਾਪਸ ਲੈਣ ਤੋਂ ਬਾਅਦ ਡੈਮੋਕ੍ਰੇਟਿਕ ਪਾਰਟੀ ਨੇ ਕਮਲਾ ਹੈਰਿਸ ਨੂੰ ਰਾਸ਼ਟਰਪਤੀ ਅਹੁਦੇ ਲਈ ਉਮੀਦਵਾਰ ਬਣਾਇਆ ਹੈ।

## ਗੁਜਰਾਤ ਤੇ ਰਾਜਸਥਾਨ ਦੀਆਂ ਜੇਲ੍ਹਾਂ 'ਚੋਂ ਧਮਕੀਆਂ ਦਿੰਦੇ ਨੇ ਗੈਂਗਸਟਰ, ਭਾਜਪਾ ਦੇ ਲੀਡਰ ਨੂੰ ਮਿਲਦੇ ਨੇ ਫਿਰੌਤੀ ਦੇ ਪੈਸੇ ?

**ਨਵੀਂ ਦਿੱਲੀ, 14 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਐਨ. ਸੀ. ਪੀ. ਦੇ ਨੇਤਾ ਅਤੇ ਮਹਾਰਾਸ਼ਟਰ ਸਰਕਾਰ ਦੇ ਸਾਬਕਾ ਮੰਤਰੀ ਬਾਬਾ ਸਿੱਦੀਕੀ ਦਾ ਗੋਲ਼ੀਆਂ ਮਾਰ ਕੇ ਕਤਲ ਕਰ ਦਿੱਤਾ ਜਿਸ ਦੀ ਜ਼ਿੰਮੇਵਾਰੀ ਲਾਰੈਂਸ ਬਿਸ਼ਨੋਈ ਗੈਂਗ ਵੱਲੋਂ ਲਈ ਗਈ ਹੈ। ਇਸ ਜ਼ਿੰਮੇਵਾਰੀ ਤੋਂ ਬਾਅਦ ਦੇਸ਼ ਦੀ ਸਿਆਸਤ ਵਿੱਚ ਹਲਚਲ ਮਚ ਗਈ ਹੈ। ਵਿਰੋਧੀ ਧਿਰਾਂ ਭਾਰਤੀ ਜਨਤਾ ਪਾਰਟੀ ਨੂੰ ਇਸ ਮਾਮਲੇ ਵਿੱਚ ਕੋਸ ਰਹੀਆਂ ਹਨ। ਇਸ ਮਾਮਲੇ ਨੂੰ ਲੈ ਕੇ ਪੰਜਾਬ ਕਾਂਗਰਸ ਦੇ ਸੀਨੀਅਰ ਲੀਡਰ ਸੁਖਜਿੰਦਰ ਸਿੰਘ ਰੰਧਾਵਾ ਨੇ ਸੋਸ਼ਲ ਮੀਡੀਆ ਉੱਤੇ ਲਿਖਿਆ, ਲਾਰੈਂਸ ਬਿਸ਼ਨੋਈ ਤੇ ਜੱਗੂ ਭਗਵਾਨਪੁਰੀਆ ਹਨ ਗੁਜਰਾਤ ਤੇ ਰਾਜਸਥਾਨ ਦੀ ਜੇਲ੍ਹ ਵਿੱਚ ਹਨ ਤੇ ਦੋਵੇਂ ਜੇਲ੍ਹਾਂ ਭਾਰਤੀ ਜਨਤਾ ਪਾਰਟੀ ਦੇ ਰਾਜ ਵਾਲੇ ਸੂਬਿਆਂ ਵਿੱਚ ਹਨ। ਇਹ ਦੋਵੇਂ ਦੇਸ਼ ਦੇ ਮਸ਼ਹੂਰ ਕਲਾਕਾਰਾਂ, ਕਾਰੋਬਾਰੀਆਂ, ਰਾਜਨੇਤਾਵਾਂ ਤੋਂ ਪੈਸੇ ਮੰਗਦੇ ਹਨ, ਜੇ ਕੋਈ ਉਨ੍ਹਾਂ ਨੂੰ ਪੈਸਾ ਨਹੀਂ ਦਿੰਦਾ ਤਾਂ ਉਨ੍ਹਾਂ ਨੂੰ ਮਾਰ ਦਿੱਤਾ ਜਾਂਦਾ ਹੈ। ਇਸ ਗੱਲ ਦੀ ਜਾਂਚ ਦੇ ਹੁਕਮ ਦਿੱਤੇ ਜਾਣ ਕਿ ਭਾਜਪਾ ਦੇ ਕਿਹੜੇ ਆਗੂ ਨੂੰ ਫਿਰੌਤੀ ਦੇ ਪੈਸੇ ਮਿਲ ਰਹੇ ਹਨ ? ਇਨ੍ਹਾਂ ਗੈਂਗਸਟਰਾਂ ਨੂੰ ਕੌਣ ਬਚਾ ਰਿਹਾ ਹੈ ? ਤੇ ਦੇਸ਼ ਦਾ ਗ੍ਰਹਿ ਮੰਤਰੀ ਇਹ ਸਭ ਕਿਉਂ ਨਹੀਂ ਦੇਖ ਰਿਹਾ ਮੰਨਿਆ ਜਾ ਰਿਹਾ ਹੈ ਕਿ ਲਾਰੈਂਸ ਬਿਸ਼ਨੋਈ ਬਾਬਾ ਸਿੱਦੀਕੀ ਦੇ ਕਤਲ ਰਾਹੀਂ ਬਾਲੀਵੁੱਡ ਅਤੇ ਬਿਲਡਰ ਲਾਬੀ ਵਿੱਚ ਆਪਣਾ ਪ੍ਰਭਾਵ ਸਥਾਪਤ ਕਰਨ ਦੀ ਕੋਸ਼ਿਸ਼ ਕਰ ਰਿਹਾ ਹੈ। ਇਸ ਤੋਂ ਪਹਿਲਾਂ ਸਲਮਾਨ ਖ਼ਾਨ ਅਤੇ ਉਨ੍ਹਾਂ ਦੇ ਪਿਤਾ ਸਲੀਮ ਖ਼ਾਨ ਨੂੰ ਧਮਕੀਆਂ ਦੇਣਾ ਤੇ ਫਿਰ ਸਲਮਾਨ ਦੇ ਘਰ 'ਤੇ ਗੋਲੀਬਾਰੀ ਕਰਨਾ ਵੀ ਇਸੇ ਕੋਸ਼ਿਸ਼ ਦਾ ਹਿੱਸਾ ਹੈ। ਉਸ ਦਾ ਕੰਮ ਕਰਨ ਦਾ ਅੰਦਾਜ਼ ਅੰਡਰਵਰਲਡ ਡਾਨ ਦਾਊਦ ਇਬਰਾਹਿਮ ਵਰਗਾ ਹੈ। ਲਾਰੈਂਸ ਬਿਸ਼ਨੋਈ ਗੈਂਗ ਦਾ ਨੈੱਟਵਰਕ 12 ਰਾਜਾਂ ਵਿੱਚ ਫੈਲਿਆ ਹੋਇਆ ਹੈ। ਲਾਰੈਂਸ ਗੈਂਗ ਨੇ ਬਾਬਾ ਸਿੱਦੀਕੀ ਨੂੰ ਕਿਉਂ ਨਿਸ਼ਾਨਾ ਬਣਾਇਆ, ਕੀ ਇਹ ਅਸਲ ਵਿੱਚ ਸਲਮਾਨ ਨਾਲ ਉਸਦੀ ਦੋਸਤੀ ਹੈ ਜਾਂ ਇਹ ਡੀ ਕੰਪਨੀ ਵਾਂਗ ਮੁੰਬਈ ਨੂੰ ਆਪਣਾ ਗੜ੍ਹ ਬਣਾਉਣ ਦੀ ਕੋਸ਼ਿਸ਼ ਹੈ। ਇਨ੍ਹਾਂ ਸਵਾਲਾਂ ਦੇ ਜਵਾਬ ਤਾਂ ਅਜੇ ਭਵਿੱਖ ਦੇ ਗਰਭ ਵਿੱਚ ਹਨ।



ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ) ਦੀ ਪ੍ਰੇਰਨਾ ਸਦਕਾ

www.nsycuk.com

ਸਾਲਾਨਾ ਯਾਤਰਾ 20 ਫਰਵਰੀ ਤੋਂ 12 ਮਾਰਚ 2025 ਤੱਕ

# ਪੰਜ ਤਖ਼ਤ ਸਾਹਿਬਾਨ ਅਤੇ ਹੋਰ ਇਤਿਹਾਸਕ ਗੁਰਦੁਆਰਿਆਂ ਦੀ ਸਾਲਾਨਾ ਯਾਤਰਾ



ਸ੍ਰੀ ਅਕਾਲ ਤਖ਼ਤ ਸਾਹਿਬ | ਤਖ਼ਤ ਸ੍ਰੀ ਪਟਨਾ ਸਾਹਿਬ | ਤਖ਼ਤ ਸ੍ਰੀ ਕੇਸਗੜ੍ਹ ਸਾਹਿਬ | ਤਖ਼ਤ ਸ੍ਰੀ ਦਮਦਮਾ ਸਾਹਿਬ | ਤਖ਼ਤ ਸ੍ਰੀ ਹਜ਼ੂਰ ਸਾਹਿਬ

## ਯਾਤਰਾ ਗੁਰਦੁਆਰਾ ਦੂਖ ਨਿਵਾਰਣ ਸਾਹਿਬ, ਗੁਰੂ ਤੇਗ ਬਹਾਦਰ ਨਗਰ, ਜਲੰਧਰ ਤੋਂ

20 ਫਰਵਰੀ 2025, ਦਿਨ ਵੀਰਵਾਰ ਨੂੰ ਸਵੇਰੇ ਠੀਕ 8 ਵਜੇ ਆਰੰਭ ਹੋਵੇਗੀ, ਸੰਗਤਾਂ ਸਵੇਰੇ 7.30 ਵਜੇ ਤੱਕ ਪਹੁੰਚਣ ਦੀ ਕਿਰਪਾ ਕਰਨ। 12 ਮਾਰਚ 2025, ਦਿਨ ਬੁੱਧਵਾਰ ਨੂੰ ਉਕਤ ਗੁਰਦੁਆਰਾ ਸਾਹਿਬ ਵਿਖੇ ਹੀ ਯਾਤਰਾ ਦੀ ਸਮਾਪਤੀ ਹੋਵੇਗੀ।



**ਬਾਹਰਲੇ ਦੇਸ਼ਾਂ ਤੋਂ ਜਾਣ ਵਾਲੇ ਯਾਤਰੀ ਦਾ ਖਰਚ 400 ਪੌਂਡ ਅਤੇ ਪੱਕੇ ਤੌਰ 'ਤੇ ਭਾਰਤ ਵਿਚ ਰਹਿ ਰਹੇ ਯਾਤਰੀ ਦਾ ਖਰਚਾ 20 ਹਜ਼ਾਰ ਰੁਪਏ ਹੈ**

ਸੀਮਤ ਸੀਟਾਂ ਜਲਦੀ ਬੁਕਿੰਗ ਕਰਵਾਉ ਜੀ

ਨੋਟ: ਵਿਦੇਸ਼ਾਂ ਤੋਂ ਸੰਗਤਾਂ ਆਪੋ-ਆਪਣੀਆਂ ਟਿਕਟਾਂ ਲੈ ਕੇ ਪੰਜਾਬ ਪਹੁੰਚਣਗੀਆਂ। ਯਾਤਰਾ ਏਅਰ ਕੰਡੀਸ਼ਨਰ ਕੋਚਾਂ ਵਿੱਚ ਕਰਵਾਈ ਜਾਵੇਗੀ। ਇੰਗਲੈਂਡ, ਅਮਰੀਕਾ, ਕੈਨੇਡਾ ਜਾਂ ਦੁਨੀਆਂ ਦੇ ਕਿਸੇ ਵੀ ਦੇਸ਼ ਵਿੱਚ ਰਹਿੰਦੇ ਸ਼ਰਧਾਲੂ ਇਸ ਯਾਤਰਾ ਵਿੱਚ ਜਾਣ ਲਈ ਸੰਪਰਕ ਕਰ ਸਕਦੇ ਹਨ। ਭਾਰਤ ਦੇ ਪੱਕੇ ਵਸਨੀਕ ਰਿਸ਼ਤੇਦਾਰਾਂ/ ਮਿੱਤਰਾਂ ਦੀ ਬੁਕਿੰਗ ਵੀ ਇੱਥੇ ਯੂ.ਕੇ. ਵਿੱਚ ਤੁਸੀਂ ਕਰਵਾ ਸਕਦੇ ਹੋ।

ਗੁ. ਸ੍ਰੀ ਗੁਰੂ ਤੇਗ ਬਹਾਦਰ, ਜਲੰਧਰ ਤੋਂ ਸ਼ੁਰੂਆਤ, ਗੁ. ਸ਼ਹੀਦ ਬੇਅੰਤ ਸਿੰਘ, ਗੁ. ਗੁਰੂ ਕਾ ਲਾਹੌਰ, ਗੁ. ਸੁਹੇਲਾ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਆਨੰਦਪੁਰ ਸਾਹਿਬ, ਬਾਉਲੀ ਸਾਹਿਬ, ਗੁ. ਨਾਢਾ ਸਾਹਿਬ, ਗੁ. ਸ੍ਰੀ ਕ੍ਰਿਪਾਲ ਸ਼ਿਲਾ, ਗੁ. ਸ੍ਰੀ ਪਾਉਂਟਾ ਸਾਹਿਬ, ਗੁ. ਦਸਤਾਰ ਅਸਥਾਨ, ਗੁ. ਭੰਗਾਣੀ ਸਾਹਿਬ, ਗੁ. ਤੀਰਗੜ੍ਹੀ ਸਾਹਿਬ, ਗੁ. ਨਾਨਕਮਤਾ ਸਾਹਿਬ, ਗੁ. ਬਾਬਾ ਅਲਮਸਤ ਸਾਹਿਬ, ਗੁ. ਭੰਡਾਰਾ ਸਾਹਿਬ, ਗੁ. ਦੁੱਧ ਵਾਲਾ ਖੂਹ, ਬਾਉਲੀ ਸਾਹਿਬ, ਗੁ. ਭਗਤ ਕਬੀਰ ਜੀ ਮਗਹਰ,ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਗੁ. ਗਊ ਘਾਟ, ਗੁ. ਤਾਕੀ ਸਾਹਿਬ, ਗੁ. ਗੁਰੂ ਕਾ ਬਾਗ ਪਟਨਾ ਸਾਹਿਬ, ਗੁ. ਕੰਗਣ ਘਾਟ, ਮਾਤਾ ਗੁਜਰੀ ਜੀ ਦਾ ਖੂਹ, ਗੁ. ਬਾਲ ਲੀਲ੍ਹਾ, ਗੁ. ਹਾਂਡੀ ਸਾਹਿਬ, ਗੁ. ਸ਼ੀਤਲ ਕੁੰਡ ਰਾਜਗੀਰ, ਗੁ. ਗਵਾਰੀ ਘਾਟ ਸਾਹਿਬ ਜੱਬਲਪੁਰ, ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਗੁ. ਰਤਨਗੜ੍ਹ ਸਾਹਿਬ, ਗੁ. ਨਾਨਕਸਰ, ਗੁ. ਸੰਗਤ ਸਾਹਿਬ, ਗੁ. ਮਾਤਾ ਸਾਹਿਬ ਦੇਵਾਂ ਜੀ, ਗੁ. ਅੰਗੀਠਾ ਸਾਹਿਬ ਸੰਤ ਬਾਬਾ ਨਿਧਾਨ ਸਿੰਘ ਜੀ-ਸੰਤ ਬਾਬਾ ਹਰਨਾਮ ਸਿੰਘ ਜੀ, ਗੁ. ਭਜਨਗੜ੍ਹ ਸਾਹਿਬ, ਗੁ. ਨਾਨਕ ਝੀਰਾ ਸਾਹਿਬ, ਗੁ. ਹੀਰਾ ਘਾਟ, ਗੁ. ਮਾਲਟੇਕੜੀ ਸਾਹਿਬ, ਗੁ. ਨਗੀਨਾ ਘਾਟ, ਗੁ. ਬੰਦਾ ਘਾਟ, ਦੇਹੁਰਾ ਭਗਤ ਨਾਮਦੇਵ ਜੀ, ਗੁ. ਬੜੀ ਸੰਗਤ ਸਾਹਿਬ ਬੁਰਹਾਨਪੁਰ, ਗੁ. ਦੱਖਣੀ ਓਅੰਕਾਰ ਸਾਹਿਬ, ਗੁ. ਸਾਹਿਬ ਬੇਟਮਾ ਇੰਦੌਰ, ਗੁ. ਦਾਤਾ ਬੰਦੀ ਛੋੜ ਗਵਾਲੀਅਰ, ਗੁ. ਦੂਖ ਨਿਵਾਰਨ ਸਾਹਿਬ ਆਗਰਾ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਭਾਈ ਡੱਲੇ ਦੀ ਹਵੇਲੀ, ਭੋਰਾ ਬਾਬਾ ਦੀਪ ਸਿੰਘ ਜੀ, ਗੁ. ਬਾਬਾ ਬੀਰ ਸਿੰਘ ਧੀਰ ਸਿੰਘ, ਗੁ. ਦਮਦਮਾ ਸਾਹਿਬ, ਗੁਰਦੁਆਰਾ ਬੁੰਗਾ ਮਸਤੂਆਣਾ, ਗੁਰੂਸਰ ਮਹਿਰਾਜ, ਗੁ. ਜ਼ਫਰਨਾਮਾ ਸਾਹਿਬ, ਗੁਰਦੁਆਰਾ ਟੁੱਟੀ ਗੰਢੀ ਸਾਹਿਬ, ਗੁ. ਤੰਬੂ ਸਾਹਿਬ ਸ੍ਰੀ ਮੁਕਤਸਰ ਸਾਹਿਬ, ਸ੍ਰੀ ਤਰਨਤਾਰਨ ਸਾਹਿਬ, ਛੇਹਰਟਾ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਜਲੰਧਰ ਵਾਪਸੀ ਹੋਵੇਗੀ ।

**ਯਾਤਰੂ ਟਰੈਵਲ ਇੰਸ਼ੋਰੈਂਸ ਖੁਦ ਜ਼ਰੂਰ ਕਰਵਾਉਣ। ਤੁਸੀਂ ਆਪਣੇ ਨਾਂਅ ਇੰਗਲੈਂਡ ਦੇ ਵੱਖ-ਵੱਖ ਸ਼ਹਿਰਾਂ ਵਿਚ ਵੀ ਸਾਡੇ ਸੇਵਾਦਾਰਾਂ ਨੂੰ ਦੇ ਸਕਦੇ ਹੋ। ਵਧੀਆ ਰਿਹਾਇਸ਼ ਅਤੇ ਮੁੱਢਲੀ ਡਾਕਟਰੀ ਸਹਾਇਤਾ ਦਾ ਖਾਸ ਪ੍ਰਬੰਧ ਕੀਤਾ ਜਾਂਦਾ ਹੈ।**

## ਗੁਰੂ ਪੰਥ ਦੇ ਦਾਸ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ

| | | | |
|---|---|---|---|
| ਭਾਈ ਰਘਵੀਰ ਸਿੰਘ ਮਾਲੜੀ ਨੋਟਿੰਘਮ | +44 7813953484 | ਭਾਈ ਅਮਰੀਕ ਸਿੰਘ ਤੂਰ ਡਰਬੀ | +44 7539243163 |
| ਭਾਈ ਰਘਵੀਰ ਸਿੰਘ ਵਾਲਸਾਲ | +44 7976210161 | ਬੀਬੀ ਜਸਵਿੰਦਰ ਕੌਰ ਥਾਂਦੀ ਕਵੈਂਟਰੀ | +44 7895666314 |
| ਭਾਈ ਬਲਜੀਤ ਸਿੰਘ ਕੰਗ | +44 7780605230 | ਭਾਈ ਕਪਤਾਨ ਸਿੰਘ ਵੁਲਵਰਹੈਂਪਟਨ | +44 7788283485 |


ਨੋਟ: ਕਿਸੇ ਜਥੇਬੰਦੀ ਜਾਂ ਨਿੱਜੀ ਲਾਭ ਦੀ ਬਜਾਇ ਇਸ ਯਾਤਰਾ ਕਮੇਟੀ ਦਾ ਗਠਨ ਸੰਗਤਾਂ ਦੀ ਸੇਵਾ ਲਈ ਕੀਤਾ ਗਿਆ ਹੈ, ਇਕੱਤਰ ਮਾਇਆ ਗੁਰਦੁਆਰਾ ਸਾਹਿਬਾਨ ਦੀ ਸੇਵਾ ਵਿੱਚ ਹੀ ਲਾਈ ਜਾਂਦੀ ਹੈ।

Nankana Sahib Yatra Committee U.K, 21 Hazel Ave, Littleover, Derby De23 7HA
www.nsycuk.com, E-Mail: nsycuk1469@gmail.com
ਪਿਛਲੇ ਸਾਲਾਂ ਦੀਆਂ ਯਾਤਰਾ ਤਸਵੀਰਾਂ ਦੇਖਣ ਲਈ ਸਾਡੇ ਫੇਸਬੁੱਕ ਪੇਜ Nankana Sahib Yatra Commitee UK ਅਤੇ ਵੈੱਬਸਾਈਟ ਤੇ ਜ਼ਰੂਰ ਜਾਉ ਜੀ

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ ਪਿੰਡ ਰੋਡੇ 2.6.1947 Birth Pind Rode

ਸ਼ਹੀਦੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ 6.6.1984 Shaheedi Sri Darbar Sahib Amritsar



www.damdamitaksal.net

Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਦਮਦਮੀ ਟਕਸਾਲ
ਨਾਮ ਜਪੋ ਕਿਰਤ ਕਰੋ ਵੰਡ ਛਕੋ
Naam Japo Kirat Karo Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243






ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS
PURE AND NATURAL 100% VEGETARIAN
Enjoy Real Taste of PUNJAB
KD
FULLY A.C. HALL
Khehra
VAISHNO DHABA
BREAKFAST
LUNCH
DINNER
OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment



ਪੰਜਾਬੀ
ਸਿੱਖੋ ਬੋਲੋ ਪੜ੍ਹੋ ਲਿਖੋ
ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ
Love Maa Boli Punjabi

ੳ ਅ ੲ ਸ ਹ
ਕ ਖ ਗ ਘ ਙ
ਚ ਛ ਜ ਝ ਞ
ਟ ਠ ਡ ਢ ਣ
ਤ ਥ ਦ ਧ ਨ
ਪ ਫ ਬ ਭ ਮ
ਯ ਰ ਲ ਵ ੜ
ਸ਼ ਖ਼ ਗ਼ ਜ਼ ਫ਼ ਲ਼

ਮੁਕਤਾ | ਾ ਕੰਨਾ | ਿ ਸਿਹਾਰੀ | ੀ ਬਿਹਾਰੀ
ੁ ਔਂਕੜ | ੂ ਦੁਲੈਂਕੜ | ੇ ਲਾਂ | ੈ ਦੁਲਾਵਾਂ
ੋ ਹੋੜਾ | ੌ ਕਨੌੜਾ | ੰ ਟਿੱਪੀ | ਾਂ ਕੰਨਾ-ਬਿੰਦੀ

www.damdamitaksal.net
੧ ੨ ੩ ੪ ੫ ੬ ੭ ੮ ੯ ੧੦
www.damdamitaksal.net
Learn Speak Read Write
PUNJABI







**ASA Gas Heating Solution Ltd.**

Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER — WORCESTER Bosch Group

ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ

Mr. Simran Singh : 0749 534 2620
asagasheatingsolutions@gmail.com
Call us now for a Free no-olbigation quote





KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।






**www.khalsaforge.com**


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All CATEGORIES OF MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ AWAZE QAUM International Newspaper & WEB TV
CALL US TO BOOK YOUR CSCS LEVEL ONE COURSE.
077151-28621


DHAN DHAN SRI GURU NANAK DEV JI'S
PARKASH PURAB
SANDWELL
NAGAR
KIRTAN
ਨਗਰ ਕੀਰਤਨ
SUNDAY 3 NOV 2024
GURDWARA GURU HAR RAI SAHIB JI START 9.00AM
George Street, West Bromwich
GURU NANAK GURDWARA 11.00AM
Edward Street, West Bromwich
GURDWARA AMRIT PARCHAR DHARMIK DIWAN 1.00PM
Birmingham Road, Oldbury
GURDWARA GURU MANEYO GRANTH 2.00PM
Popes Lane, Oldbury
GURDWARA BABA SANG 3.15PM
St Paul's Road, Smethwick
GURU NANAK GURDWARA SMETHWICK 4.00pm FINISH
High Street, Smethwick
ਗੁਰਦੁਆਰਾ ਗੁਰੂ ਹਰਿ ਰਾਇ ਸਾਹਿਬ ਅਰੰਭਤਾ: ੯.੦੦ ਵਜੇ
ਜੋਰਜ ਸਟਰੀਟ ਵੈਸਟ ਬ੍ਰਮਵਿਚ
ਗੁਰੂ ਨਾਨਕ ਗੁਰਦੁਆਰਾ, ੧੧.੦੦ ਵਜੇ
ਏਡਵਰਡ ਸਟਰੀਟ ਵੈਸਟ ਬ੍ਰਮਵਿਚ
ਗੁਰਦੁਆਰਾ ਅੰਮ੍ਰਿਤ ਪ੍ਰਚਾਰ ਧਾਰਮਿਕ ਦੀਵਾਨ ੧.੦੦ ਵਜੇ
ਬ੍ਰਮਿੰਘਮ ਰੋਡ. ਓਲਡਬਰੀ
ਗੁਰਦੁਆਰਾ ਗੁਰੂ ਮਾਨਯੋ ਗ੍ਰੰਥ ੨.੦੦ ਵਜੇ
ਪੋਪਸ ਲੇਨ, ਓਲਦਬਰੀ
ਗੁਰਦੁਆਰਾ ਬਾਬਾ ਸੰਗ ਜੀ ੩.੧੫ ਵਜੇ
ਸਟ. ਪੌਲਜ਼ ਰੋਡ, ਸਮੈਦਿਕ
ਗੁਰੂ ਨਾਨਕ ਗੁਰਦੁਆਰਾ ਸਮਾਪਤੀ: ੪.੦੦ ਵਜੇ
ਸਮੈਦਿਕ
ਆਵਾਜ਼ਿ ਕੌਮ
AWAZE QAUM
International Newspaper & WEB TV
GURU HAR RAI GURDWARA SAHIB - 0121 553 7219
GURU NANAK GURDWARA SMETHWICK - 0121 558 2527
GURDWARA AMRIT PARCHAR DHARMIK DIWAN OLDBURY
Gurdwara Guru Maneyo Granth OLDBURY
GURU NANAK GURDWARA SMETHWICK
The Council of Sikh Gurdwaras in Sandwell




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਸੋਢੀ ਸੁਲਤਾਨ ਧੰਨ ਧੰਨ ਸਤਿਗੁਰੂ ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਦੇ
ਪ੍ਰਕਾਸ਼ ਉਤਸਵ ਨੂੰ ਸਮਰਪਿਤ
ਗੁਰਮਤਿ ਸਮਾਗਮ
14 ਤੋਂ 19 ਅਕਤੂਬਰ ਤੱਕ
ਪਿੰਡ ਮਹਿਤਾ ਵਿਖੇ ਕਰਵਾਇਆ ਜਾ ਰਿਹਾ ਹੈ।
LIVE ON
ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਮੁਖੀ ਦਮਦਮੀ ਟਕਸਾਲ, ਪ੍ਰਧਾਨ ਸੰਤ ਸਮਾਜ
ਗਿਆਨੀ ਗੁਰਦੀਪ ਸਿੰਘ ਜੀ
ਹੈੱਡ ਗ੍ਰੰਥੀ ਦਮਦਮੀ ਟਕਸਾਲ
ਗਿਆਨੀ ਰਛਪਾਲ ਸਿੰਘ ਜੀ
ਬਾਬਾ ਬਕਾਲਾ ਸਾਹਿਬ
ਗਿਆਨੀ ਕੁਲਦੀਪ ਸਿੰਘ ਜੀ
ਦਮਦਮੀ ਟਕਸਾਲ
ਗਿਆਨੀ ਸਿਮਰਨਜੀਤ ਸਿੰਘ ਜੀ
ਦਮਦਮੀ ਟਕਸਾਲ
ਰਾਗੀ ਭਾਈ ਰਣਜੀਤ ਸਿੰਘ ਜੀ
ਦਮਦਮੀ ਟਕਸਾਲ
ਰਾਗੀ ਭਾਈ ਗੁਰਪਿੰਦਰ ਸਿੰਘ ਜੀ
ਦਮਦਮੀ ਟਕਸਾਲ
ਭਾਈ ਸੰਦੀਪ ਸਿੰਘ ਜੀ
ਬੁੱਟਰ
ਰਾਗੀ ਭਾਈ ਗੁਲਜਾਰ ਸਿੰਘ ਜੀ
ਬੁੱਟਰ
ਰਾਗੀ ਭਾਈ ਅੰਮਿਤਪਾਲ ਸਿੰਘ ਜੀ
ਦਮਦਮੀ ਟਕਸਾਲ
ਰਾਗੀ ਭਾਈ ਗੁਰਮੰਨਤਪ੍ਰੀਤ ਸਿੰਘ ਜੀ
ਦਮਦਮੀ ਟਕਸਾਲ
ਰਾਗੀ ਭਾਈ ਹਰਪ੍ਰੀਤ ਸਿੰਘ ਜੀ
ਦਮਦਮੀ ਟਕਸਾਲ
ਰਾਗੀ ਭਾਈ ਲਵਜੀਤ ਸਿੰਘ ਜੀ
ਦਮਦਮੀ ਟਕਸਾਲ
ਭਾਈ ਨਰਿੰਦਰ ਸਿੰਘ


ਪੰਚਾਇਤ ਚੋਣਾ 2024
ਪਿੰਡ ਖਜ਼ਾਨੇ ਕੋਟ
ਤੋਂ
ਪੜੇ ਲਿਖੇ ਸੂਝਵਾਨ ਗੁਰਸਿੱਖ ਨੌਜਵਾਨ
ਸਰਪੰਚੀ ਦੇ ਉਮੀਦਵਾਰ
ਹਰਪ੍ਰੀਤ ਸਿੰਘ ਕੋਕੀ
ਨੂੰ
ਆਪਣਾ ਕੀਮਤੀ ਵੋਟ ਪਾ ਕੇ ਕਾਮਯਾਬ ਕਰੋ
ਪਿੰਡ ਦੇ ਵਿਕਾਸ ਤੇ ਚੰਗੇ ਭਵਿੱਖ ਲਈ ਪਿੰਡ ਦੀ ਵਾਗਡੋਰ ਨੌਜਵਾਨਾਂ ਦੇ ਹੱਥ ਵਿੱਚ ਦਿਓ ਜੀ


ਨਗਰ ਪੰਚਾਇਤ ਗੁਰੂਪੁਰਾ (ਰੋਡੇ)
GURUPURA RODE
ਸਰਪੰਚ ਦੀ ਚੋਣ
ਲੜ ਰਹੇ
ਗੁਰਸਿੱਖ, ਇਮਾਨਦਾਰ
ਅਤੇ ਮਿਹਨਤੀ ਉਮੀਦਵਾਰ
ਬੀਬੀ ਕੁਲਦੀਪ ਕੌਰ
Bibi Kuldip Kaur
ਚੋਣ ਨਿਸ਼ਾਨ ਬਾਲਟੀ
M. 94636-84804
ਨੂੰ ਆਉਣ ਵਾਲੀ 15 ਅਕਤੂਬਰ ਨੂੰ ਆਪਣਾ
ਇੱਕ ਇੱਕ ਕੀਮਤੀ ਵੋਟ ਪਾ ਕੇ ਕਾਮਯਾਬ ਕਰੋ।
ਜਾਰੀ ਕਰਤਾ: ਸਮੂਹ ਨਗਰ ਨਿਵਾਸੀ ਅਤੇ ਨੌਜਵਾਨ, ਗੁਰੂਪੁਰਾ (ਰੋਡੇ)
GURUPURA RODE






# ਪੜ੍ਹੇ ਲਿਖੇ ਸਾਬਤ ਸੂਰਤ ਨੌਜਵਾਨਾਂ ਨੂੰ ਸਰਪੰਚ ਬਣਾਉਣਾ ਸਮੇਂ ਦੀ ਲੋੜ : ਪੰਥਕ ਆਗੂ ਭਾਈ ਕਪਤਾਨ ਸਿੰਘ ਯੂ ਕੇ



ਪੰਥਕ ਆਗੂ ਤੇ ਉੱਘੇ ਸਮਾਜ ਸੇਵੀ ਭਾਈ ਕਪਤਾਨ ਸਿੰਘ ਨੇ ਆਪਣੇ ਜੱਦੀ ਪਿੰਡ ਖਜ਼ਾਨੇ ਕੋਟ ਦੀਆ ਸੰਗਤਾਂ ਨੂੰ ਪੜ੍ਹੇ ਲਿਖੇ ਸੂਝਵਾਨ ਸਾਬਤ ਸੂਰਤ ਗੁਰਸਿੱਖ ਨੌਜਵਾਨ ਹਰਪ੍ਰੀਤ ਸਿੰਘ ਕੋਕੀ ਨੂੰ ਸਰਪੰਚ ਲਈ ਵੋਟ ਪਾਉਣ ਦੀ ਅਪੀਲ ਕਰਦੇ ਹੋਏ ਕਿਹਾ ਕੇ ਵਿਦੇਸ ਜਾਣ ਦੀ ਲਾਲਸਾ ਤਿਆਗ ਕੇ ਪਿੰਡ ਦੀਆ ਸੰਗਤਾਂ ਦੀ ਸੇਵਾ ਕਰਨ ਨੂੰ ਪਹਿਲ ਦੇਣ ਵਾਲੇ ਨੌਜਵਾਨਾ ਹਰਪ੍ਰੀਤ ਸਿੰਘ ਨੂੰ ਵੋਟਾ ਪਾ ਕੇ ਪਿੰਡ ਦੇ ਵਿਕਾਸ ਵਿੱਚ ਯੋਗਦਾਨ ਪਾਉਣ ਪਿੰਡ ਦੇ ਲੋੜਵੰਦ ਪਰਿਵਾਰਾਂ ਦਾ ਸਾਥ ਦੇਣਾ ਹਰ ਵਡੇ ਛੋਟੇ ਦੀ ਸਹਾਇਤਾ ਤੇ ਇੱਜਤ ਕਰਨ ਵਾਲੇ ਆਪਣੇ ਇਸ ਬੱਚੇ ਨੂੰ ਅਸੀਸਾ ਦਿੰਦੇ ਹੋਏ ਸਰਪੰਚੀ ਦੀਆ ਵੋਟਾ ਪਾ ਕੇ ਪਿੰਡ ਦਾ ਸਰਪੰਚ ਬਣਾਓ ਤੇ ਕੇ ਪਿੰਡ ਦਾ ਵਿਕਾਸ ਕਰਵਾਇਆ ਜਾ ਸਕੇ।

## ਬਾਦਲਕਿਆਂ ਨੇ ਪਹਿਲਾਂ ਅਕਾਲੀ ਦਲ ਦੀ ਹੱਤਿਆ ਕੀਤੀ, ਹੁਣ ਨਿਸ਼ਾਨਾ ਅਕਾਲ ਤਖਤ ਹੈ : ਸਿੱਖ ਚਿੰਤਕ

# ਵਲਟੋਹਾ ਤੇ ਸੁਖਬੀਰ ਬਾਦਲ ਬਾਰੇ ਅਕਾਲ ਤਖਤ ਸਾਹਿਬ ਸਖਤ ਐਕਸ਼ਨ ਲਵੇ

### ਗੁਨਾਹਗਾਰ ਲੀਡਰਸ਼ਿਪ ਤੇ ਅਕਾਲੀ ਦਲ ਦੀ ਸਿਰਜਣਾ ਲਈ ਪੰਥ ਦਾ ਨੁਮਾਇੰਦਾ ਇਕੱਠ ਸੱਦਿਆ ਜਾਵੇ

**ਚੰਡੀਗੜ੍ਹ, 14 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸਿੱਖ ਪੰਥ ਦੇ ਚਿੰਤਕਾਂ ਸਰਦਾਰ ਗੁਰਤੇਜ ਸਿੰਘ ਆਈਏਐਸ, ਜਥੇਦਾਰ ਪਰਮਿੰਦਰ ਪਾਲ ਸਿੰਘ ਖਾਲਸਾ ਪ੍ਰਧਾਨ ਸਿਖ ਸੇਵਕ ਸੁਸਾਇਟੀ ਇੰਟਰਨੈਸ਼ਨਲ, ਭਾਈ ਹਰਸਿਮਰਨ ਸਿੰਘ ਅਨੰਦਪੁਰ ਸਾਹਿਬ ਪ੍ਰੋਫੈਸਰ ਬਲਵਿੰਦਰ ਪਾਲ ਸਿੰਘ, ਡਾਕਟਰ ਪਰਮਜੀਤ ਸਿੰਘ ਮਾਨਸਾ,ਭਾਈ ਮਨਜੀਤ ਸਿੰਘ ਗਤਕਾ ਮਾਸਟਰ ਨੇ ਸ੍ਰੋਮਣੀ ਅਕਾਲੀ ਦਲ ਬਾਦਲ ਦੇ ਪ੍ਰਮੁਖ ਲੀਡਰ ਤੇ ਸਾਬਕਾ ਖਾੜਕੂ ਵਿਰਸਾ ਸਿੰਘ ਵਲਟੋਹਾ ਵਲੋਂ ਅਕਾਲ ਤਖਤ ਸਾਹਿਬ ਦੇ ਜਥੇਦਾਰ ਤੇ ਸਿੰਘ ਸਾਹਿਬਾਨਾਂ ਉਪਰ ਸੰਘ ਪਰਿਵਾਰ ਤੇ ਭਾਜਪਾ ਨੇ ਮਿਲੇ ਹੋਣ ਤੇ ਸੁਖਬੀਰ ਬਾਦਲ ਨੂੰ ਗੁਨਾਹਗਾਰ ਬਾਰੇ ਫੈਸਲੇ ਬਾਰੇ ਦੇਰੀ ਦਾ ਇਸ ਪ੍ਰਭਾਵ ਅਧੀਨ ਦੋਸ਼ ਲਗਾਏ ਜਾਣ ਨੂੰ ਅਕਾਲ ਤਖਤ ਸਾਹਿਬ ਤੇ ਖਾਲਸਾ ਪੰਥ ਦੀ ਤੌਹੀਨ ਦਸਿਆਂ। ਉਨ੍ਹਾਂ ਕਿਹਾ ਕਿ ਜੇਕਰ ਵਿਰਸਾ ਸਿੰਘ ਵਲਟੋਹਾ ਕੋਲ ਇਸ ਬਾਰੇ ਸਬੂਤ ਹਨ ਤਾਂ ਉਹ ਖਾਲਸਾ ਪੰਥ ਸਾਹਮਣੇ ਪੇਸ਼ ਕਰੇ।

ਸਿਖ ਚਿੰਤਕਾਂ ਨੇ ਕਿਹਾ ਕਿ ਬਾਦਲ ਪਰਿਵਾਰ ਤੇ ਉਸਦੇ ਲਾਣੇ ਨੇ ਬੰਦ ਬੰਦ ਕਟਕੇ ਪੰਥਕ ਰਾਜਸੀ ਜਮਾਤ ਸ੍ਰੋਮਣੀ ਅਕਾਲੀ ਦਲ ਦੀ ਹੱਤਿਆ ਕੀਤੀ ਤੇ ਆਪਣੇ ਰਾਜ ਵਿਚ ਬੇਅਦਬੀਆਂ ਹੋਣ ਦਿਤੀਆਂ ਤੇ ਦੋਸ਼ੀ ਸੌਦਾ ਸਾਧ ਨੂੰ ਖੁਸ਼ ਕਰਨ ਲਈ ਬੇਅਦਬੀ ਸਬੰਧੀ ਰੋਸ ਪ੍ਰਗਟ ਕਰਨ ਵਾਲੀ ਸੰਗਤ ਉਪਰ ਗੋਲੀ ਚਲਾਈ ਤੇ ਭਾਰੀ ਤਸ਼ਤਦ ਕੀਤਾ। ਹੁਣ ਇਹ ਸਿਖ ਪੰਥ ਦੀ ਮਹਾਨ ਸੰਸਥਾ ਨੂੰ ਸੁਖਬੀਰ ਸਿੰਘ ਬਾਦਲ ਆਪਣੇ ਹੁਕਮਾਂ ਮੁਤਾਬਕ ਚਲਾਉਣ ਲਈ ਸਿੰਘ ਸਾਹਿਬਾਨਾਂ ਉਪਰ ਝੂਠੇ ਦੋਸ਼ ਲਗਾ ਰਹੇ ਹਨ ਤੇ ਇਹ ਦੋਸ਼ ਲਗਾਕੇ ਸ੍ਰੋਮਣੀ ਕਮੇਟੀ ਰਾਹੀਂ ਸਿੰਘ ਸਾਹਿਬਾਨ ਨੂੰ ਬਦਲਕੇ ਅਕਾਲ ਤਖਤ ਦੀ ਸਚੀ ਨਿਆਂ ਪਰੰਪਰਾ ਨੂੰ ਤਬਾਹ ਕਰਨਾ ਚਾਹੁੰਦੇ ਹਨ ਜਾਂ ਆਪਣੇ ਦਾਬੇ ਹੇਠ ਰਖਣਾ ਚਾਹੁੰਦੇ ਹਨ।ਇਹ ਵਰਤਾਰਾ ਉਸੇ ਲੜੀ ਦਾ ਹਿੱਸਾ ਹੈ ਜੋ ਸੁਖਬੀਰ ਬਾਦਲ ਦਾ ਪਿਤਾ ਪ੍ਰਕਾਸ਼ ਸਿੰਘ ਬਾਦਲ ਨਿਭਾਉਂਦਾ ਰਿਹਾ ਸੀ।ਉਸੇ ਪੰਥ ਵਿਰੋਧੀ ,ਮਸੰਦੀ ਮਨਮੁਖੀ ਰਾਹ ਨੂੰ ਸੁਖਬੀਰ ਸਿੰਘ ਬਾਦਲ ਨੇ ਵਿਰਸਾ ਸਿੰਘ ਵਲਟੋਹਾ ਰਾਹੀਂ ਅਪਣਾ ਲਿਆ।ਸੁਖਬੀਰ ਸਿੰਘ ਬਾਦਲ ਦੇ ਮਾਮਲੇ ਵਿੱਚ ਜਿਹੜੇ ਵਲਵਲੇ ਵਿਰਸਾ ਸਿੰਘ ਵਲਟੋਹਾ ਨੇ ਸਾਂਝੇ ਕੀਤੇ ਸਨ, ਉਹ ਸੁਖਬੀਰ ਬਾਦਲ ਤੇ ਉਸਦੀ ਜੁੰਡਲੀ ਦਾ ਨੈਰਟਿਵ ਤੇ ਸਿਆਸੀ ਉਤੇਜਨਾ ,ਖਸਿਆਣੀ ਬਿਲੀ ਪੰਜਾ ਨੋਚੇ ਵਾਲੀ ਘਟੀਆ ਕਾਰਵਾਈ ਹੈ।ਇਹ ਸਾਰੇ ਸੁਖਬੀਰ ਬਾਦਲ ਦੇ ਗੁਨਾਹਾਂ ਨੂੰ ਛੁਪਾਉਣ ਲਈ ਸਾਜ਼ਿਸ਼ ਤਹਿਤ ਸਿੰਘ ਸਾਹਿਬਾਨ ਉਪਰ ਦੋਸ਼ ਲਾ ਰਹੇ ਹਨ।

ਉਨ੍ਹਾਂ ਕਿਹਾ ਕਿ ਤਨਖਾਹੀਆ ਤੇ ਗੁਨਾਹਗਾਰ ਸੁਖਬੀਰ ਬਾਦਲ ਅਕਾਲ ਤਖਤ ਸਾਹਿਬ ਦੇ ਪੰਥਕ ਪ੍ਰਵਾਨਿਤ ਹੁਕਮ ਨੂੰ ਮੰਨਣ ਤੋਂ ਇਨਕਾਰੀ ਸ਼ਰੇਆਮ ਅਕਾਲੀ ਦਲ ਦੀਆਂ ਸਰਗਰਮੀਆਂ ਦੀ ਅਗਵਾਈ ਕਰ ਰਿਹਾ ਹੈ ਜੋ ਮੀਰੀ ਪੀਰੀ ਸਿਧਾਂਤ ਨੂੰ ਚੈਲਿੰਜ ਹੈ।ਇਸ ਸੰਬੰਧ ਵਿਚ ਸੁਖਬੀਰ ਬਾਦਲ ਤੇ ਵਿਰਸਾ ਸਿੰਘ ਵਲਟੋਹਾ ਸਮੇਤ ਅਕਾਲ ਤਖਤ ਸਾਹਿਬ ਉਪਰ ਸਦਕੇ ਸਖਤ ਕਾਰਵਾਈ ਕਰਨੀ ਚਾਹੀਦੀ ਹੈ।

ਜਥੇਦਾਰ ਅਕਾਲ ਤਖਤ ਨੂੰ ਅਪੀਲ ਕਰਦਿਆਂ ਸਿਖ ਚਿੰਤਕਾਂ ਨੇ ਕਿਹਾ ਕਿ ਅੱਜ ਸਮੁੱਚਾ ਪੰਥ ਅਤੇ ਸਿੱਖ ਕੌਮ ਸਿੰਘ ਸਾਹਿਬਾਨਾਂ ਦੇ ਫੈਸਲੇ ਨੂੰ ਉਡੀਕ ਰਹੀ ਹੈ, ਜਿਸ ਵਿੱਚ ਉਨ੍ਹਾਂ ਨੂੰ ਸਿੱਖ ਪੰਥ ਦੀ ਮਰਿਆਦਾ ਤੇ ਪ੍ਰੰਪਰਾਵਾਂ ਨੂੰ ਮੁੱਖ ਰੱਖ ਕੇ ਕੌਮ ਦੀ ਭਾਵਨਾ ਅਨੁਸਾਰ ਸਜ਼ਾ ਸੁਣਾਉਣੀ ਹੈ। ਜਥੇਦਾਰ ਅਕਾਲ ਤਖਤ ਸਾਹਿਬ ਨੂੰ ਅਕਾਲੀ ਦਲ ਦੀ ਪੁਨਰ ਸਥਾਪਨਾ ਤੇ ਸੁਖਬੀਰ ਬਾਦਲ ਸਮੇਤ ਗੁਨਾਹਗਾਰ ਲੀਡਰਸ਼ਿਪ ਦਾ ਫੈਸਲਾ ਲੈਣ ਲਈ ਸਿਖ ਪੰਥ ਦਾ ਨੁਮਾਇੰਦਾ ਇਕਠ ਸਦਣਾ ਚਾਹੀਦਾ ਹੈ ਤਾਂ ਜੋ ਪੰਥ ਨੂੰ ਭਰੋਸੇ ਵਿਚ ਲੈਕੇ ਪੰਥਕ ਫੈਸਲਾ ਕੀਤਾ ਜਾ ਸਕੇ ਤੇ ਬਾਦਲਕਿਆਂ ਦੇ ਦਬਾਅ ਤੋਂ ਬਚਿਆ ਜਾ ਸਕੇ ਜੋ ਕੁਫਰ ਤੋਲਣ ਵਿਚ ਮਾਹਿਰ ਹਨ।ਉਨ੍ਹਾਂ ਕਿਹਾ ਕਿ ਗਿਆਨੀ ਗੁਰਬਚਨ ਸਿੰਘ ਸਾਬਕਾ ਜਥੇਦਾਰ ਅਕਾਲ ਤਖਤ,ਗਿਆਨੀ ਗੁਰਮੁਖ ਸਿੰਘ, ਗਿਆਨੀ ਇਕਬਾਲ ਸਿੰਘ ਨੂੰ ਵੀ ਅਕਾਲ ਤਖਤ ਉਪਰ ਸਦਣਾ ਚਾਹੀਦਾ ਹੈ ਜੋ ਸੁਖਬੀਰ ਬਾਦਲ ਦੇ ਗੁਨਾਹਾਂ ਵਿਚ ਭਾਈਵਾਲ ਹਨ ਜਿਹਨਾਂ ਅਕਾਲ ਤਖਤ ਦੀ ਪਰੰਪਰਾ ਨੂੰ ਨੀਵਾਂ ਦਿਖਾਇਆ।ਉਨ੍ਹਾਂ ਕਿਹਾ ਕਿ ਬਾਦਲਕਿਆਂ ਵੱਲੋਂ ਅਕਾਲ ਤਖ਼ਤ ਦੇ ਜਥੇਦਾਰ ਦਾ ਵਿਰੋਧ ਕਰਨਾ ਇੱਕ ਗੁੰਝਲਦਾਰ ਮਸਲਾ ਹੈ ਜੋ ਅਕਾਲ ਤਖਤ ਸਾਹਿਬ ਦੀ ਅਥਾਰਟੀ, ਮਰਿਆਦਾ ਅਤੇ ਸੰਚਾਲਨ 'ਤੇ ਸਵਾਲ ਖੜ੍ਹੇ ਕਰਦਾ ਹੈ। ਉਨ੍ਹਾਂ ਕਿਹਾ ਕਿ ਸਿੰਘ ਸਾਹਿਬਾਨ ਸਿਖ ਸਿਧਾਂਤ ਤੇ ਪਰੰਪਰਾ ਅਨੁਸਾਰ ਜੇਕਰ ਫੈਸਲਾ ਲੈਣਗੇ ਸਮੁਚਾ ਪੰਥ ਉਨ੍ਹਾਂ ਦੀ ਸ਼ਕਤੀ ਬਣਕੇ ਉਨ੍ਹਾਂ ਮਗਰ ਖਲੋਏਗਾ।



### ਜ਼ਿਲ੍ਹੇ ਅੰਦਰ ਪੰਚਾਇਤੀ ਚੋਣਾਂ ਦੇ ਮੱਦੇਨਜ਼ਰ ਸਾਰੀਆਂ ਤਿਆਰੀਆਂ ਮੁਕੰਮਲ- ਜ਼ਿਲ੍ਹਾ ਚੋਣ ਅਫਸਰ

# ਜ਼ਿਲ੍ਹੇ ਦੇ 281 ਪਿੰਡਾਂ 'ਚ 826 ਬੂਥਾਂ 'ਤੇ ਪੈਣਗੀਆਂ ਅੱਜ ਵੋਟਾਂ








ਬਠਿੰਡਾ, 14 ਅਕਤੂਬਰ (ਗੁਰਜੰਟ ਸਿੰਘ ਨਥੇਹਾ)- ਗ੍ਰਾਮ ਪੰਚਾਇਤੀ ਚੋਣਾਂ-2024 ਦੇ ਮੱਦੇਨਜ਼ਰ ਜ਼ਿਲ੍ਹੇ ਦੇ 9 ਬਲਾਕ (ਬਠਿੰਡਾ, ਭਗਤਾ, ਗੋਨਿਆਣਾ, ਮੌੜ, ਨਥਾਣਾ, ਫੂਲ, ਰਾਮਪੁਰਾ, ਸੰਗਤ ਅਤੇ ਬਲਾਕ ਤਲਵੰਡੀ ਸਾਬੋ) ਦੇ 318 ਪਿੰਡਾਂ 'ਚੋਂ 281 ਪਿੰਡਾਂ 'ਚ ਵੱਖ-ਵੱਖ ਥਾਵਾਂ 'ਤੇ ਬਣਾਏ ਗਏ 826 ਬੂਥਾਂ 'ਤੇ 15 ਅਕਤੂਬਰ 2024 ਨੂੰ ਹੋਣ ਵਾਲੀ ਵੋਟਿੰਗ ਸਬੰਧੀ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਇਹ ਜਾਣਕਾਰੀ ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਨੇ ਸਾਂਝੀ ਕੀਤੀ। ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਚੋਣ ਅਫਸਰ ਨੇ ਦੱਸਿਆ ਕਿ ਵੋਟਾਂ ਸਵੇਰੇ 8 ਤੋਂ ਸ਼ਾਮ 4 ਵਜੇ ਤੱਕ ਪੈਣਗੀਆਂ। ਇਸ ਉਪਰੰਤ ਪਈਆਂ ਵੋਟਾਂ ਦੀ ਗਿਣਤੀ ਹੋਵੇਗੀ ਤੇ ਨਤੀਜੇ ਐਲਾਨੇ ਜਾਣਗੇ। ਉਨ੍ਹਾਂ ਅੱਗੇ ਦੱਸਿਆ ਕਿ ਬਠਿੰਡਾ ਜ਼ਿਲ੍ਹੇ ਦੀਆਂ 318 ਗ੍ਰਾਮ ਪੰਚਾਇਤਾਂ ਵਿੱਚੋਂ 37 ਗ੍ਰਾਮ ਪੰਚਾਇਤਾਂ ਦੀ ਸਰਬਸੰਮਤੀ ਹੋ ਗਈ ਹੈ। ਬਾਕੀ ਬਚਦੀਆਂ 281 ਗ੍ਰਾਮ ਪੰਚਾਇਤਾਂ ਲਈ 15 ਅਕਤੂਬਰ 2024 ਨੂੰ ਵੋਟਿੰਗ ਹੋਵੇਗੀ। ਇਨ੍ਹਾਂ ਵੋਟਾਂ ਲਈ ਕਰੀਬ 5 ਹਜ਼ਾਰ ਚੋਣ ਅਮਲਾ ਤਾਇਨਾਤ ਕੀਤਾ ਗਿਆ ਹੈ। ਇਸ ਮੌਕੇ ਜ਼ਿਲ੍ਹਾ ਚੋਣ ਅਫਸਰ ਨੇ ਦੱਸਿਆ ਕਿ ਪੋਲਿੰਗ ਸਟੇਸ਼ਨ ਵਿਖੇ ਪਛਾਣ ਦੇ ਪ੍ਰਮਾਣ ਵਜੋਂ ਨਾਗਰਿਕ ਆਪਣਾ ਵੋਟਰ ਕਾਰਡ, ਆਧਾਰ ਕਾਰਡ, ਪੈਨ ਕਾਰਡ, ਪਾਸਪੋਰਟ, ਮਨਰੇਗਾ ਨੌਕਰੀ ਕਾਰਡ, ਡਰਾਈਵਿੰਗ ਲਾਈਸੈਂਸ, ਰਾਸ਼ਨ ਕਾਰਡ ਤੇ ਨੀਲਾ ਕਾਰਡ ਦਿਖਾ ਕੇ ਆਪਣੀ ਵੋਟ ਦਾ ਇਸਤੇਮਾਲ ਕਰ ਸਕਦਾ ਹੈ। ਜ਼ਿਲ੍ਹਾ ਚੋਣ ਅਫਸਰ ਨੇ ਦੱਸਿਆ ਕਿ ਇਸ ਤੋਂ ਇਲਾਵਾ ਨਾਗਰਿਕ ਪਾਸਬੁੱਕ ਬੈਂਕ/ਡਾਕਖਾਨੇ ਵੱਲੋਂ ਜਾਰੀ ਹੋਈ (ਤਸਵੀਰਾ ਦੇ ਨਾਲ), ਸਿਹਤ ਬੀਮਾ ਸਮਾਰਟ ਕਾਰਡ ਕਿਰਤ ਮੰਤਰਾਲੇ ਵਲੋਂ ਜਾਰੀ, ਸਰਵਿਸ ਪਛਾਣ ਪੱਤਰ (ਤਸਵੀਰ ਦੇ ਨਾਲ) ਕੇਂਦਰ/ਸੂਬਾ ਸਰਕਾਰ/ਪੀ.ਐਸ.ਯੂ/ਜਨਤਕ ਲਿਮਿਟਡ ਕੰਪਨੀਆਂ ਵੱਲੋਂ ਕਰਮਚਾਰੀਆਂ ਨੂੰ ਜਾਰੀ, ਸਮਾਰਟ ਕਾਰਡ ਆਰ.ਜੀ.ਆਈ ਦੁਆਰਾ ਐਨ.ਪੀ.ਆਰ ਤਹਿਤ ਜਾਰੀ, ਪੈਨਸ਼ਨ ਦਸਤਾਵੇਜ (ਤਸਵੀਰ ਦੇ ਨਾਲ), ਅਧਿਕਾਰਤ ਪਛਾਣ ਪੱਤਰ ਐਮ.ਪੀ/ਐਮ.ਐਲ.ਏ ਨੂੰ ਜਾਰੀ, ਯੂਨੀਕ ਅਪਾਹਜਤਾ ਆਈ ਕਾਰਡ (ਯੂ.ਡੀ.ਆਈ.ਡੀ) ਸਮਾਜਿਕ ਨਿਆਂ ਅਤੇ ਅਧਿਕਾਰਤ ਮੰਤਰਾਲਾ ਵਿਭਾਗ, ਭਾਰਤ ਸਰਕਾਰ ਦੁਆਰਾ ਜਾਰੀ ਕਾਰਡ ਦਿਖਾ ਕੇ ਆਪਣੀ ਵੋਟ ਦਾ ਇਸਤੇਮਾਲ ਕਰ ਸਕਦਾ ਹੈ।

### ਅਕਾਲ ਯੂਨੀਵਰਸਿਟੀ ਦੇ ਕੰਪਿਊਟਰ ਸਾਇੰਸ ਅਤੇ ਇੰਜਨੀਅਰਿੰਗ ਵਿਭਾਗ ਵੱਲੋਂ

# 'ਮੈਟਵਰਸ' 'ਤੇ ਇੱਕ ਅਲੂਮਨੀ ਮੀਟਿੰਗ ਅਤੇ ਵਰਕਸ਼ਾਪ ਦਾ ਆਯੋਜਨ

**ਤਲਵੰਡੀ ਸਾਬੋ, 14 ਅਕਤੂਬਰ (ਗੁਰਜੰਟ ਸਿੰਘ ਨਥੇਹਾ)**- ਅਕਾਲ ਯੂਨੀਵਰਸਿਟੀ ਦੇ ਕੰਪਿਊਟਰ ਸਾਇੰਸ ਅਤੇ ਇੰਜਨੀਅਰਿੰਗ ਵਿਭਾਗ ਨੇ ਹਾਲ ਹੀ ਵਿੱਚ 'ਮੈਟਵਰਸ' 'ਤੇ ਇੱਕ ਅਲੂਮਨੀ ਮੀਟਿੰਗ ਅਤੇ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ, ਜਿਸ ਦਾ ਆਯੋਜਨ ਵਿਭਾਗ ਤੋਂ ਬੀਟੈਕ ਦੇ ਪਾਸ ਹੋ ਚੁਕੇ ਵਿਦਿਆਰਥੀ ਸ਼੍ਰੀ ਸਚਿਨ ਪਾਂਡੇ, ਡਿਜੀਟਲ ਲੈਬਜ਼, ਇੱਕ ਯੂਕੇ-ਅਧਾਰਤ ਐਮਐਨਸੀ ਵਿੱਚ ਇੱਕ ਮੈਟਾਵਰਸ ਡਿਵੈਲਪਰ ਦੁਆਰਾ ਕੀਤਾ ਗਿਆ। ਸ਼੍ਰੀ ਸਚਿਨ ਪਾਂਡੇ ਨੇ ਵਿਦਿਆਰਥੀਆਂ ਨਾਲ ਆਪਣੀ ਪ੍ਰੇਰਣਾਦਾਇਕ ਯਾਤਰਾ ਸਾਂਝੀ ਕੀਤੀ। ਉਹਨਾਂ ਨੇ ਵਿਸਥਾਰ ਨਾਮ ਦੱਸਿਆ ਕਿ ਕਿਵੇਂ ਉਹਨਾਂ ਡੇਟਾ ਸਾਇੰਸ ਤੋਂ ਸ਼ੁਰੂ ਕਰਕੇ ਵੈੱਬ ਅਤੇ ਐਪ ਵਿਕਾਸ ਵਿੱਚ ਅੱਗੇ ਵਧਦੇ ਹੋਏ ਮੈਟਾਵਰਸ ਵਿਕਾਸ ਦੇ ਉੱਭਰਦੇ ਖੇਤਰ ਵਿੱਚ ਆਪਣੇ ਜਨੂੰਨ ਨੂੰ ਲੱਭਿਆ ਅਤੇ ਕਈ ਵਿਸ਼ਿਆਂ ਨਾਲ ਆਪਣੀਆਂ ਰੁਚੀਆਂ ਨੂੰ ਜੋੜਿਆ। ਉਹਨਾਂ ਮੈਟਾਵਰਸ ਐਪਲੀਕੇਸ਼ਨਾਂ ਜਿਵੇਂ ਕਿ ਫੇਸਬੁੱਕ (ਮੇਟਾ) ਅਤੇ ਹੋਰਾਂ ਕੰਪਨੀਆਂ ਸੰਬੰਧੀ ਆਪਣੀ ਖੋਜ ਬਾਰੇ ਚਰਚਾ ਕੀਤੀ। ਉਸਨੇ ਮੇਟਾਵਰਸ ਨਾਲ ਸਬੰਧਤ ਮੇਟਾ ਕੁਐਸਟ 3 ਹੈੱਡਸੈੱਟਾਂ ਅਤੇ ਹੋਰ ਡਿਵਾਈਸਾਂ ਬਾਰੇ ਜਾਣਕਾਰੀ ਪ੍ਰਦਾਨ ਕੀਤੀ। ਉਹਨਾਂ ਨੇ ਮੈਟਾਵਰਸ ਵਿਕਾਸ ਵਿੱਚ ਸਾਂਝੇ ਤੱਥਾਂ ਦੀ ਭੂਮਿਕਾ ਬਾਰੇ ਵੀ ਗੱਲ ਕੀਤੀ ਅਤੇ ਸੰਚਾਰ ਹੁਨਰਾਂ ਸਮੇਤ ਆਪਣੀ ਯਾਤਰਾ ਦੌਰਾਨ ਵਿਕਸਤ ਕੀਤੇ ਕੋਰਸਾਂ ਨੂੰ ਸਾਂਝਾ ਕੀਤਾ। ਇਸ ਪ੍ਰੋਗਰਾਮ ਵਿੱਚ ਸੀਐਸਈ ਵਿਭਾਗ ਦੇ 250 ਵਿਦਿਆਰਥੀਆਂ ਨੇ ਭਾਗ ਲਿਆ। ਡਾ. ਉਪਿੰਦਰ ਕੌਰ ਨੇ ਕਨਵੀਨਰ ਵਜੋਂ ਭੂਮਿਕਾ ਨਿਭਾਈ ਅਤੇ ਸਮਾਗਮ ਦਾ ਸੰਚਾਲਨ ਸ਼੍ਰੀ ਪ੍ਰਭਜੋਤ ਸਿੰਘ ਅਤੇ ਸ਼੍ਰੀਮਤੀ ਕਿਰਨਪ੍ਰੀਤ ਕੌਰ ਨੇ ਕੀਤਾ। ਸੀਐਸਈ ਵਿਭਾਗ ਦੇ ਸਾਰੇ ਫੈਕਲਟੀ ਮੈਂਬਰ ਇਸ ਮੌਕੇ ਹਾਜ਼ਰ ਰਹੇ। ਅੰਤ ਵਿੱਚ ਡਾ. ਉਪਿੰਦਰ ਕੌਰ ਨੇ ਵਿਦਿਆਰਥੀਆਂ ਨਾਲ ਆਪਣੇ ਅਨਮੋਲ ਅਨੁਭਵ ਸਾਂਝੇ ਕਰਨ ਲਈ ਸ਼੍ਰੀ ਸਚਿਨ ਪਾਂਡੇ ਦਾ ਧੰਨਵਾਦ ਕੀਤਾ।



# ਸ਼ੁਭਕਰਮਣ ਫਾਉਂਡੇਸ਼ਨ ਵੱਲੋਂ ਰਾਜ ਪੱਧਰੀ ਚਿੱਤਰਕਲਾ ਮੁਕਾਬਲਾ ਉਮੰਗ 4 ਨੂੰ



ਪਟਿਆਲਾ - ਸ਼ੁਭਕਰਮਣ ਫਾਉਂਡੇਸ਼ਨ ਨੇ 13 ਅਕਤੂਬਰ ਨੂੰ ਪਟਿਆਲਾ ਦੇ ਪ੍ਰਭਾਤ ਪਰਵਾਨਾ ਹਾਲ ਵਿੱਚ ਚਿੱਤਰਕਲਾ ਮੁਕਾਬਲੇ ਦਾ ਆਯੋਜਨ ਕੀਤਾ। ਇਸ ਮੁਕਾਬਲੇ ਵਿੱਚ ਵਖ ਵਖ ਪ੍ਰਾਈਵੇਟ ਅਤੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਭਾਗ ਲਿਆ, ਜਿਸ ਨਾਲ ਉਨ੍ਹਾਂ ਦੀਆਂ ਕਲਾ ਪ੍ਰਤਿਭਾ ਨੂੰ ਉਭਾਰਨ ਦਾ ਮੌਕਾ ਮਿਲਿਆ। ਸਮਾਰੋਹ ਦਾ ਆਗਾਜ਼ ਕਰਨ ਲਈ ਸ਼੍ਰੀਮਤੀ ਪਠਾਣ ਮਾਜ਼ਰਾ ਵਿਧਾਇਕ ਹਲਕਾ ਸਨੌਰ ਨੇ ਕੀਤੀ। ਵਿਦਿਆਰਥੀਆਂ ਨੇ ਆਪਣੇ ਚਿੱਤਰਾਂ ਰਾਹੀਂ ਰੰਗਾਂ ਅਤੇ ਸਿਰਜਣਾਤਮਕਤਾ ਦਾ ਜਸ਼ਨ ਮਨਾਇਆ। ਹਰ ਚਿੱਤਰ ਨੇ ਬੱਚਿਆਂ ਦੀ ਸੋਚ, ਭਾਵਨਾ, ਅਤੇ ਪ੍ਰਗਟਾਵਾ ਨੂੰ ਦਰਸਾਇਆ। ਇਸ ਸਮਾਰੋਹ ਵਿੱਚ ਸਹਿਯੋਗ ਲਈ ਵੋਲੰਟੀਅਰਾਂ ਨੇ ਸਾਰਾ ਕੰਮ ਸੰਭਾਲਿਆ। ਮੁਕਾਬਲੇ ਦੇ ਅੰਤ ਵਿੱਚ, ਵਿਦਿਆਰਥੀਆ ਨੂੰ ਨਗਦ ਇਨਾਮਾਂ ਨਾਲ ਸਨਮਾਨਿਤ ਕੀਤਾ ਗਿਆ। ਸ਼ੁਭਕਰਮਣ ਫਾਉਂਡੇਸ਼ਨ ਸਮਾਰੋਹ ਦੇ ਲਈ ਸਾਰਿਆਂ ਦਾ ਧੰਨਵਾਦ ਕੀਤਾ ਅਤੇ ਭਵਿੱਖ ਵਿੱਚ ਹੋਰ ਇਸ ਤਰ੍ਹਾਂ ਦੇ ਸਮਾਰੋਹਾਂ ਦੀ ਯੋਜਨਾ ਬਣਾਉਣ ਦੀ ਗੱਲ ਕੀਤੀ।

# ਟਰੱਸਟ ਸਦਾਵਰਤ ਪੰਚਾਇਤੀ ਵੱਲੋਂ 101 ਗਰੀਬ ਅਤੇ ਲੋੜਵੰਦ ਪਰਿਵਾਰਾਂ ਨੂੰ ਵੰਡਿਆ ਰਾਸ਼ਨ



ਫ਼ਿਰੋਜ਼ਪੁਰ, 14 ਅਕਤੂਬਰ (ਮਨੋਹਰ ਲਾਲ) :— ਹਮੇਸ਼ਾ ਮੂਹਰਲੀ ਕਤਾਰ ਵਿਚ ਲੋਕ ਭਲਾਈ ਦੇ ਕੰਮ ਕਰਦੇ ਟਰਸਟ ਸਦਾਵਰਤ ਪੰਚਾਇਤੀ ਵੱਲੋਂ ਹਰ ਮਹੀਨੇ ਦੀ ਤਰ੍ਹਾਂ ਇਸ ਵਾਰ ਵੀ 101 ਗਰੀਬ ਲੋੜਵੰਦ ਵਿਧਵਾਵਾਂ ਨੂੰ ਰਾਸ਼ਨ ਵੰਡਿਆ। ਇਸ ਮੌਕੇ ਤੇ ਟਰੱਸਟ ਸਦਾਵਰਤ ਪੰਚਾਇਤੀ ਦੇ ਅਹੁਦੇਦਾਰ ਹਾਜ਼ਰ ਸਨ, ਜਿਨ੍ਹਾਂ ਵਿਚ ਸ੍ਰੀ ਪੀ.ਸੀ ਕੁਮਾਰ, ਅਸ਼ਵਨੀ ਮੌਂਗਾ, ਓਮ ਪ੍ਰਕਾਸ਼, ਰਜਨੀਸ਼ ਕਪੂਰ ਸਾਬਕਾ ਮੈਨੇਜਰ ਪੰਜਾਬ ਨੈਸ਼ਨਲ ਬੈਂਕ, ਡੀ.ਕੇ ਬਜਾਜ, ਮਦਨ ਲਾਲ ਤੋਂ ਇਲਾਵਾ ਹੋਰ ਵੀ ਅਹੁਦੇਦਾਰ ਮੈਂਬਰ ਹਾਜ਼ਰ ਸਨ। ਇਸ ਮੌਕੇ ਤੇ ਸਭ ਤੋਂ ਪਹਿਲਾਂ ਭਗਵਾਨ ਅੱਗੇ ਅਰਦਾਸ ਬੇਨਤੀ ਕੀਤੀ ਕਿ ਜਿਨ੍ਹਾਂ ਦਾਨੀ ਸੱਜਨਾਂ ਨੇ ਆਪਣੀਆਂ ਜਾਇਦਾਦਾਂ ਵੇਚ ਕੇ 1914 ਵਿਚ ਇਹ ਟਰਸਟ ਸਦਾਵਰਤ ਬਣਾਇਆ ਹੈ, ਉਨ੍ਹਾਂ ਦੀ ਪ੍ਰਭੂ ਉਨ੍ਹਾਂ ਨੂੰ ਸੁੱਖ ਸ਼ਾਂਤੀ ਬਖਸ਼ੇ। ਇਸ ਦੀ ਅਰਦਾਸ ਸ੍ਰੀ ਪੀ.ਸੀ ਕੁਮਾਰ ਵੱਲੋਂ ਕੀਤੀ ਗਈ। ਇਸ ਮੌਕੇ ਤੇ ਟਰੱਸਟ ਸਦਾਵਰਤ ਪੰਚਾਇਤੀ ਦੇ ਅਹੁਦੇਦਾਰਾਂ ਨੇ ਦੱਸਿਆ ਕਿ ਇਹ ਟਰੱਸਟ ਲੋੜਵੰਦਾਂ ਦੀ ਮੱਦਦ ਲਈ ਹਮੇਸ਼ਾ ਪਹਿਲੇ ਨੰਬਰ ਤੇ ਕੰਮ ਕਰਦਾ ਆ ਰਿਹਾ ਹੈ, ਜਿਵੇਂ ਸਕੂਲਾਂ ਵਿਚ ਕਿਤਾਬਾਂ ਕਾਪੀਆਂ ਲੋੜਵੰਦ ਬੱਚਿਆਂ ਦੀਆਂ ਫੀਸਾਂ, ਹਸਪਤਾਲਾਂ ਵਿਚ ਮਰੀਜਾਂ ਨੂੰ ਦਵਾਈਆਂ, ਲੋੜਵੰਦਾਂ ਨੂੰ ਗਰਮ ਕਪੜੇ ਆਦਿ ਤੋਂ ਇਲਾਵਾ ਲੜਕੀਆਂ ਦੇ ਵਿਆਹ ਵਿਚ ਵੀ ਮੱਦਦ ਕੀਤੀ ਜਾਂਦੀ ਹੈ। ਇਸ ਤੋਂ ਇਲਾਵਾ ਜ਼ਿਲ੍ਹਾ ਪ੍ਰਸ਼ਾਸਨ ਦੇ ਨਾਲ ਰਹਿ ਕੇ ਚਲਦੀ ਹੈ ਅਤੇ ਹਮੇਸ਼ਾ ਕੁਦਰਤੀ ਆਫਤਾਂ ਵਿਚ ਮੱਦਦ ਕਰਦੀ ਹੈ।

# ਫਿਰੋਜ਼ਪੁਰ ਵਿਚ ਲੁੱਟਾਂ ਖੋਹਾਂ ਰੁਕਣ ਦਾ ਨਾਮ ਨਹੀਂ ਲੈ ਰਿਹਾ, ਰੋਜ਼ਾਨਾ ਭਾਰੀ ਗਿਣਤੀ ਵਿਚ ਲੁੱਟਾਂ—ਖੋਹਾਂ ਹੋ ਰਹੀਆਂ ਹਨ, ਪੁਲਿਸ ਪ੍ਰਸ਼ਾਸਨ ਗਹਿਰੀ ਨੀਂਦ ਵਿਚ

**ਫ਼ਿਰੋਜ਼ਪੁਰ, 14 ਅਕਤੂਬਰ (ਮਨੋਹਰ ਲਾਲ)** :— ਫ਼ਿਰੋਜ਼ਪੁਰ ਵਿਚ ਆਏ ਦਿਨ ਹੋ ਰਹੀਆਂ ਲੁੱਟਾਂ ਖੋਹਾਂ ਤੋਂ ਲੋਕ ਕਾਫੀ ਪਰੇਸ਼ਾਨ ਹਨ ਅਤੇ ਲੋਕਾਂ ਦਾ ਘਰੋਂ ਨਿਕਲਣਾ ਵੀ ਦੁਭਰ ਹੋ ਗਿਆ ਹੈ ਅਤੇ ਲੁਟੇਰੇ ਬੇਖੌਫ ਅਤੇ ਬਿਨ੍ਹਾਂ ਡਰ ਤੋਂ ਲੋਕਾਂ ਨੂੰ ਸ਼ਰੇਆਮ ਲੁੱਟ ਰਹੇ ਹਨ, ਇਸੇ ਕੜੀ ਤਹਿਤ ਰਜਨੀਸ਼ ਕਪੂਰ ਸਾਬਕਾ ਮੈਨੇਜਰ ਪੰਜਾਬ ਨੈਸ਼ਨਲ ਬੈਂਕ ਅਤੇ ਮੀਨੂੰ ਕਪੂਰ ਪ੍ਰੋਫੈਸਰ ਰਿਟਾਇਰਡ ਗੁਰੂ ਨਾਨਕ ਕਾਲਜ ਬਜਾਰ ਤੋਂ ਲੇਡੀਜ ਸੂਟ ਅਤੇ ਹੋਰ ਸਮਾਧ ਲੈ ਕੇ ਆ ਰਹੇ ਸੀ ਤਾਂ ਡਾਕਟਰ ਟੀਨੇ ਵਾਲੀ ਗਲੀ ਵਿਚ ਲੁਟੇਰਿਆਂ ਵੱਲੋਂ ਮੀਨੂੰ ਕਪੂਰ ਕੋਲੋਂ ਬੈਗ ਖੋਹ ਕੇ ਫਰਾਰ ਹੋ ਗਏ। ਇਸ ਮੌਕੇ ਤੇ ਰਜਨੀਸ਼ ਕਪੂਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਹੁਣ ਤਾਂ ਫ਼ਿਰੋਜ਼ਪੁਰ ਵਿਚ ਸ਼ਰੇਆਮ ਲੁੱਟਾਂ ਖੋਹਾਂ ਹੋ ਰਹੀਆਂ ਹਨ। ਉਨ੍ਹਾਂ ਜ਼ਿਲ੍ਹਾ ਪੁਲਿਸ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਉਹ ਫ਼ਿਰੋਜ਼ਪੁਰ ਵਿਚ ਪੁਖਤਾ ਪ੍ਰਬੰਧ ਕੀਤੇ ਜਾਣ ਤਾਂ ਜ਼ੋ ਲੁੱਟਾਂ ਖੋਹਾਂ ਕਰਨ ਵਾਲੇ ਦੋਸ਼ੀਆਂ ਨੂੰ ਪੁਲਿਸ ਜਲਦੀ ਤੋਂ ਜਲਦੀ ਫੜੇ, ਦੂਸਰਾ ਹਰ ਸੜਕ, ਹਰ ਗਲੀ ਵਿਚ ਸਰਕਾਰ ਵੱਲੋਂ ਸਰਕਾਰੀ ਕੈਮਰੇ ਲਾਏ ਜਾਣ ਤਾਂ ਜ਼ੋ ਲੁੱਟਾਂ ਖੋਹਾਂ ਕਰਨ ਵਾਲੇ ਲੁਟੇਰਿਆਂ ਦਾ ਪਤਾ ਲੱਗ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਪੰਥ ਦੀ ਪਿੱਠ ਵਿਚ ਛੁਰਾ ਮਾਰਨ ਵਾਲੇ

# ਵਿਰਸਾ ਸਿੰਘ ਵਲਟੋਹਾ ਨੂੰ ਪੰਥ ਵਿਚੋਂ ਛੇਕਿਆ ਜਾਵੇ: ਹਰਮੀਤ ਸਿੰਘ ਕਾਲਕਾ



**ਨਵੀਂ ਦਿੱਲੀ, 14 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੂੰ ਅਪੀਲ ਕੀਤੀ ਹੈ ਕਿ ਪੰਥ ਦੀ ਪਿੱਠ ਵਿਚ ਛੁਰਾ ਮਾਰਨ ਵਾਲੇ ਅਕਾਲੀ ਆਗੂ ਵਿਰਸਾ ਸਿੰਘ ਵਲਟੋਹਾ ਨੂੰ ਪੰਥ ਵਿਚੋਂ ਛੇਕਿਆ ਜਾਵੇ। ਅੱਜ ਇਥੇ ਜਾਰੀ ਕੀਤੇ ਇਕ ਬਿਆਨ ਵਿਚ ਸਰਦਾਰ ਕਾਲਕਾ ਨੇ ਕਿਹਾ ਕਿ ਹੈਰਾਨੀ ਵਾਲੀ ਗੱਲ ਹੈ ਕਿ ਡੇਰਾ ਸਿਰਸਾ ਮੁਖੀ ਗੁਰਮੀਤ ਰਾਮ ਰਹੀਮ ਨੂੰ ਮੁਆਫੀ ਦੁਆਉਣ ਵਾਲੇ ਇਹ ਲੋਕ ਅੱਜ ਸਿੰਘ ਸਾਹਿਬ ’ਤੇ ਹੀ ਦਬਾਅ ਬਣਾਉਣ ਦਾ ਯਤਨ ਕਰ ਰਹੇ ਹਨ। ਉਹਨਾਂ ਕਿਹਾ ਕਿ ਸਿੰਘ ਸਾਹਿਬ ਨੇ ਵਲਟੋਹਾ ਨੂੰ ਸਹੀ ਤਲਬ ਕੀਤਾ ਹੈ ਤੇ ਹੁਣ ਵਲਟੋਹਾ ਸਿੰਘ ਸਾਹਿਬ ’ਤੇ ਪਾਰਟੀ ਵਿਸ਼ੇਸ਼ ਦੇ ਦਬਾਅ ਦੇ ਲਗਾਏ ਦੋਸ਼ ਦੇ ਸਬੂਤ ਪੇਸ਼ ਕਰਨ ਅਤੇ ਜੇਕਰ ਸਬੂਤ ਪੇਸ਼ ਨਹੀਂ ਕਰ ਸਕਦੇ ਤਾਂ ਫਿਰ ਸਿੰਘ ਸਾਹਿਬ ਵਲਟੋਹਾ ਨੂੰ ਪੰਥ ਵਿਚੋਂ ਛੇਕਣ ਦਾ ਫੈਸਲਾ ਲੈਣ। ਉਹਨਾਂ ਕਿਹਾ ਕਿ ਵਲਟੋਹਾ ਨੇ ਸਿੰਘ ਸਾਹਿਬ ਦੇ ਫੈਸਲਿਆਂ ’ਤੇ ਸਵਾਲ ਚੁੱਕ ਕੇ ਸਮੁੱਚੀ ਕੌਮ ਦੀ ਬਦਨਾਮੀ ਕਰਵਾਈ ਹੈ। ਉਹਨਾਂ ਕਿਹਾ ਕਿ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਦਾ ਫੈਸਲਾ ਸਮੁੱਚੀ ਦੁਨੀਆਂ ਵਿਚ ਬੈਠੀ ਸਿੱਖ ਕੌਮ ਲਈ ਸਨਮਾਨਯੋਗ ਹੁੰਦਾ ਹੈ ਤੇ ਹਮੇਸ਼ਾ ਸਿੱਖ ਸਿੰਘ ਸਾਹਿਬ ਦੇ ਹੁਕਮਾਂ ਦੀ ਪਾਲਣਾ ਕਰਦੇ ਹਨ। ਉਹਨਾਂ ਕਿਹਾ ਕਿ ਵਲਟੋਹਾ ਨੇ ਜਾਣ ਬੁੱਝ ਕੇ ਸਿੰਘ ਸਾਹਿਬ ’ਤੇ ਦਬਾਅ ਬਣਾਉਣ ਦਾ ਯਤਨ ਕੀਤਾ ਹੈ ਕਿ ਉਹ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਮਾਮਲੇ ਵਿਚ ਤੁਰੰਤ ਅਕਾਲੀ ਦਲ ਦੀ ਮਰਜ਼ੀ ਮੁਤਾਬਕ ਫੈਸਲਾ ਲੈਣ ਜਦੋਂ ਸਿੰਘ ਸਾਹਿਬ ਹਮੇਸ਼ਾ ਕੌਮ ਦੀਆਂ ਭਾਵਨਾਵਾਂ ਅਨੁਸਾਰ ਸਬੂਤਾਂ ਦੇ ਆਧਾਰ ’ਤੇ ਫੈਸਲਾ ਲੈਂਦੇ ਹਨ। ਉਹਨਾਂ ਕਿਹਾ ਕਿ ਵਲਟੋਹਾ ਦਾ ਗੁਨਾਹ ਮੁਆਫ ਨਹੀਂ ਕੀਤਾ ਜਾ ਸਕਦਾ ਤੇ ਉਹਨਾਂ ਨੂੰ ਸਖ਼ਤ ਤੋਂ ਸਖ਼ਤ ਸਜ਼ਾ ਦਿੱਤੀ ਜਾਣੀ ਚਾਹੀਦੀ ਹੈ।

### ਸੰਜੇ ਵਰਮਾ ’ਤੇ ਭਾਈ ਨਿੱਝਰ ਦੇ ਕਤਲ ਦਾ ਸ਼ੱਕ

# ਕੈਨੇਡੀਅਨ ਸਿੱਖਾਂ ਨੇ ਭਾਰਤੀ ਰਾਜਦੂਤ ਸੰਜੇ ਵਰਮਾ ਦਾ ਪੁਤਲਾ ਫੂਕਿਆ



**ਨਵੀਂ ਦਿੱਲੀ, 14 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**:- ਬੀਤੇ ਸਾਲ ਵਿਚ ਕਨੈਡਾ ਵਿਖੇ ਸ਼ਹੀਦ ਭਾਈ ਹਰਦੀਪ ਸਿੰਘ ਨਿਝਰ ਦੇ ਹੋਏ ਕਤਲ ਵਿਚ ਸ਼ਕੀ ਭਾਰਤੀ ਰਾਜਦੂਤ ਸੰਜੇ ਵਰਮਾ ਦਾ ਦਸਹਿਰੇ ਵਾਲੇ ਦਿਨ ਕੈਨੇਡੀਅਨ ਸਿੱਖਾਂ ਨੇ ਰੋਸ ਵਜੋਂ ਭਾਰਤੀ ਰਾਜਦੂਤ ਸੰਜੇ ਵਰਮਾ ਦਾ ਪੁਤਲਾ ਫੂਕਿਆ ਹੈ, ਜਦਕਿ ਭਾਰਤ ਅੰਦਰ ਓਸ ਦਿਨ ਰਾਵਣ ਦਾ ਪੁਤਲਾ ਫੂਕਿਆ ਜਾ ਰਿਹਾ ਸੀ । ਜਿਕਰਯੋਗ ਹੈ ਕਿ ਕਨੈਡਾ ਵਲੋਂ ਮੁੜ ਬੀਤੇ ਦੋ ਤਿੰਨ ਦਿਨ ਪਹਿਲਾਂ ਭਾਰਤ ਕੋਲੋਂ ਭਾਈ ਨਿਝਰ ਕਤਲ ਕਾਂਡ ਵਿਚ ਸਹਿਯੋਗ ਮੰਗਿਆ ਹੈ ਤੇ ਇਸ ਮਾਮਲੇ ਵਿਚ ਭਾਰਤ ਦੇ ਹੱਥ ਹੋਣ ਨੂੰ ਮੁੜ ਦੋਹਰਾਇਆ ਹੈ । ਭਾਰਤ ਵਲੋਂ ਅਜ ਇਸ ਦਾ ਕਰੜਾ ਵਿਰੋਧ ਕੀਤਾ ਗਿਆ ਹੈ । ਕਨੈਡਾ ਤੋਂ ਪੰਥਕ ਸੇਵਾਦਾਰ ਭਾਈ ਨਰਿੰਦਰ ਸਿੰਘ ਵਲੋਂ ਭੇਜੀ ਗਈ ਜਾਣਕਾਰੀ ਮੁਤਾਬਿਕ ਕੈਨੇਡੀਅਨ ਸਿੱਖਾਂ ਅੰਦਰ ਭਾਈ ਨਿਝਰ ਦੇ ਕਤਲ ਦਾ ਬਹੁਤ ਵੱਡਾ ਰੋਸ ਹੈ ਤੇ ਉਨ੍ਹਾਂ ਵਲੋਂ ਹਰ ਮਹੀਨੇ ਇਸ ਮਾਮਲੇ ਦੀ ਤਹਿ ਤਕ ਜਾਣ ਲਈ ਭਾਰਤੀ ਐਂਬੇਸੀ ਮੂਹਰੇ ਵੱਡਾ ਵਿਰੋਧ ਪ੍ਰਦਰਸ਼ਨ ਕੀਤਾ ਜਾਂਦਾ ਹੈ । ਉਨ੍ਹਾਂ ਦਸਿਆ ਕਿ ਕੈਨੇਡੀਅਨ ਸਿੱਖਾਂ ਨੂੰ ਵੱਡਾ ਸ਼ੱਕ ਹੈ ਕਿ ਭਾਈ ਨਿਝਰ ਦੇ ਕਤਲ ਵਿਚ ਪੂਰੀ ਤਰ੍ਹਾਂ ਭਾਰਤੀ ਦਖਲਅੰਦਾਜ਼ੀ ਦਾ ਹੱਥ ਹੈ ਤੇ ਭਾਰਤੀ ਰਾਜਦੂਤ ਸੰਜੇ ਵਰਮਾ ਓਸ ਵਿਚ ਸ਼ਾਮਿਲ ਹੈ ਅਤੇ ਕੈਨੇਡਾ ਵਲੋਂ ਵੀ ਬਾਰ ਬਾਰ ਭਾਰਤ ਦੀ ਦਖਲਅੰਦਾਜ਼ੀ ਬਾਰੇ ਜਿਕਰ ਕੀਤਾ ਜਾਂਦਾ ਰਿਹਾ ਹੈ । ਇਸ ਬਾਰੇ ਓਟਾਵਾ ਵਿੱਚ, ਕੈਨੇਡੀਅਨ ਵਿਦੇਸ਼ ਮੰਤਰੀ ਮੇਲਾਨੀ ਜੋਲੀ ਨੇ ਬੀਤੇ ਦੋ ਦਿਨ ਪਹਿਲਾਂ ਕੈਨੇਡੀਅਨ ਵਿਦੇਸ਼ ਮੰਤਰੀ ਮੇਲਾਨੀ ਜੋਲੀ ਨੇ ਕਿਹਾ ਹੈ ਕਿ ਖਾਲਿਸਤਾਨ ਪੱਖੀ ਸ਼ਖਸੀਅਤ ਹਰਦੀਪ ਸਿੰਘ ਨਿੱਝਰ ਦੇ ਕਤਲ ਦੇ ਸਬੰਧ ਵਿੱਚ ਓਟਾਵਾ ਦਾ “ਟੀਚਾ” ਭਾਰਤੀ ਅਧਿਕਾਰੀਆਂ ਨੂੰ ਕਥਿਤ ਤੌਰ ‘ਤੇ “ਜਵਾਬਦੇਹ” ਠਹਿਰਾਉਣਾ ਹੈ। ਅਸੀਂ ਭਾਰਤ ਸਰਕਾਰ ਦੇ ਸਹਿਯੋਗ ਦੀ ਮੰਗ ਕਰ ਰਹੇ ਹਾਂ ਕਿਉਂਕਿ ਅਸੀਂ ਇਸ ਕਤਲ ਵਿੱਚ ਸ਼ਾਮਲ ਲੋਕਾਂ ਨੂੰ ਜਵਾਬਦੇਹ ਬਣਾਉਣਾ ਚਾਹੁੰਦੇ ਹਾਂ। ਅਸੀਂ ਕਿਸੇ ਹੋਰ ਕਤਲ ਨੂੰ ਰੋਕਣਾ ਚਾਹੁੰਦੇ ਹਾਂ ਜੋ ਉਨ੍ਹਾਂ ਨੂੰ ਬਾਰ ਬਾਰ ਮਿਲ ਰਹੀ ਧਮਕੀ ਹੈ ।

# ਪੈਨਸ਼ਨਰ ਜੁਆਇੰਟ ਫਰੰਟ ਦੀ 22 ਅਕਤੂਬਰ ਦੀ ਮੋਹਾਲੀ ਰੈਲੀ ਦੀਆਂ ਤਿਆਰੀਆਂ ਸਬੰਧੀ ਮੀਟਿੰਗ



**ਫ਼ਿਰੋਜ਼ਪੁਰ, 14 ਅਕਤੂਬਰ (ਮਨੋਹਰ ਲਾਲ)** :— ਪੈਨਸ਼ਨਰਾਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਨੂੰ ਹਲ ਕਰਾਉਣ ਅਤੇ ਸਾਂਝੇ ਫਰੰਟ ਦੇ ਆਗੂਆਂ ਤੇ ਚੰਡੀਗੜ੍ਹ ਪੁਲਿਸ ਵੱਲੋਂ ਕੀਤੇ ਪਰਚਿਆਂ ਨੂੰ ਰੱਦ ਕਰਾਉਣ ਲਈ ਪੰਜਾਬ ਗੌਰਮਿੰਟ ਪੈਨਸ਼ਨਰਜ਼ ਜੁਆਇੰਟ ਫਰੰਟ ਵੱਲੋਂ 22 ਅਕਤੂਬਰ ਨੂੰ ਚੰਡੀਗੜ੍ਹ ਵਿਖੇ ਵਿਸ਼ਾਲ ਰੈਲੀ ਕੀਤੀ ਜਾ ਰਹੀ ਹੈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਬਰਾਂਚ ਜਨਰਲ ਸਕੱਤਰ ਕਿਸ਼ਨ ਚੰਦ ਜਾਗੋਵਾਲੀਆ ਨੇ ਦੱਸਿਆ ਕਿ ਇਸ ਰੈਲੀ ਦੀਆਂ ਤਿਆਰੀਆਂ ਸਬੰਧੀ ਪੰਜਾਬ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਫਿਰੋਜਪੁਰ ਦੀ ਮੀਟਿੰਗ ਬਰਾਂਚ ਪ੍ਰਧਾਨ ਗੁਰਨਾਮ ਸਿੰਘ ਦੀ ਪ੍ਰਧਾਨਗੀ ਹੇਠ ਸਟੇਟ ਕਰਮਚਾਰੀ ਦਲ ਦਫ਼ਤਰ ਫਿਰੋਜ਼ਪੁਰ ਵਿਖੇ ਹੋਈ। ਗੱਲਬਾਤ ਕਰਦਿਆਂ ਸ੍ਰੀ ਜਾਗੋਵਾਲੀਆ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪੈਨਸ਼ਨਾਂ ਤੇ ਮੁਲਾਜ਼ਮਾਂ ਨਾਲ ਵੱਡਾ ਵਿਤਕਰਾ ਕੀਤਾ ਜਾ ਰਿਹਾ ਹੈ, ਪੰਜਾਬ ਵਿੱਚ ਕੰਮ ਕਰ ਰਹੇ ਜੁਡੀਸ਼ੀਅਲ ਅਫਸਰਾਂ ਤੇ ਆਈ.ਏ.ਐਸ ਅਧਿਕਾਰੀਆਂ ਨੂੰ ਡੀ.ਏ ਕੇਂਦਰ ਦੇ ਮੁਲਾਜ਼ਮਾਂ ਬਰਾਬਰ ਨਾਲ ਦੀ ਨਾਲ ਦਿੱਤਾ ਜਾ ਰਿਹਾ ਹੈ, ਜੁਡੀਸ਼ੀਅਲ ਅਫਸਰਾਂ ਨੂੰ ਪੇ ਕਮਿਸ਼ਨ ਦੀਆਂ ਨਵੀਆਂ ਫਿਕਸੇਸ਼ਨਾਂ ਅਤੇ ਬਕਾਏ ਦਿੱਤੇ ਜਾ ਚੁੱਕੇ ਹਨ, ਨਾਲ ਦੀ ਨਾਲ ਐਮ.ਐਲ.ਏ ਨੂੰ ਪੈਨਸ਼ਨਾਂ ਅਤੇ ਭੱਤਿਆਂ ਦੇ ਗੱਫੇ ਦਿੱਤੇ ਜਾ ਰਹੇ ਹਨ, ਪਰ ਪੰਜਾਬ ਦੇ ਪੈਨਸ਼ਨਰਾਂ ਦੇ ਹੱਕ ਦੇਣ ਲਈ ਸਰਕਾਰ ਵੱਲੋਂ ਆਨਾਕਾਨੀ ਕੀਤੀ ਜਾ ਰਹੀ ਹੈ। ਮੀਟਿੰਗ ਵਿੱਚ ਹਾਜ਼ਰ ਆਗੂਆਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਛੇਵੇਂ ਤਨਖਾਹ ਕਮਿਸ਼ਨ ਦੀ ਸਿਫਾਰਸ਼ ਅਨੁਸਾਰ ਪੈਨਸ਼ਨ 2.59 ਦੇ ਗੁਣਾਕ ਅਨੁਸਾਰ ਸੋਧੀ ਜਾਵੇ, ਤਨਖਾਹ ਕਮਿਸ਼ਨ ਦੇ ਬਕਾਏ 1.1.2016 ਤੋਂ 30.6.2021 ਤੱਕ ਦਿੱਤਾ ਜਾਵੇ, ਡੀ.ਏ ਦੀਆਂ ਬਕਾਇਆ ਤਿੰਨ ਕਿਸ਼ਤਾਂ ਭਾਵ 12 ਪ੍ਰ.ਤੀਸ਼ਤ ਡੀ.ਏ ਰਿਲੀਜ ਕੀਤਾ ਜਾਵੇ, ਪੁਰਾਣੀ ਪੈਨਸ਼ਨ ਸਕੀਮ ਲਾਗੂ ਕੀਤੀ ਜਾਵੇ, ਤੇ ਮੈਡੀਕਲ ਭੱਤੇ ਵਿੱਚ 1000 ਰੁਪਏ ਦਾ ਵਾਧਾ ਕੀਤਾ ਜਾਵੇ ਆਦਿ ਮੰਗਾਂ ਦੀ ਪ੍ਰਾਪਤੀ ਲਈ 22 ਅਕਤੂਬਰ ਨੂੰ ਮੋਹਾਲੀ ਵਿਖੇ ਪੰਜਾਬ ਗੌਰਮਿੰਟ ਪੈਨਸ਼ਨਰ ਜੁਆਇੰਟ ਫਰੰਟ ਵੱਲੋਂ ਵਿਸ਼ਾਲ ਰੈਲੀ ਕੀਤੀ ਜਾਵੇਗੀ, ਉਪਰੰਤ ਚੰਡੀਗੜ੍ਹ ਵੱਲ ਮਾਰਚ ਕੀਤਾ ਜਾਵੇਗਾ। ਇਸ ਰੈਲੀ ਵਿੱਚ ਪੰਜਾਬ ਸਟੇਟ ਪੈਨਸ਼ਨਰ ਕੰਨਫੈਡਰੇਸ਼ਨ ਜ਼ਿਲ੍ਹਾ ਫਿਰੋਜ਼ਪੁਰ ਵੱਲੋਂ ਵੱਡੀ ਗਿਣਤੀ ਵਿਚ ਸ਼ਮੂਲੀਅਤ ਕੀਤੀ ਜਾਵੇਗੀ। ਇਸ ਸਮੇਂ ਬਲਬੀਰ ਸਿੰਘ ਕੰਬੋਜ, ਪ੍ਰਤਾਪ ਸਿੰਘ ਢਿਲੋਂ, ਰਜੇਸ਼ ਕੁਮਾਰ ਮਲੂਕਾ, ਵਿਜੇ ਕੁਮਾਰ ਗੱਖੜ, ਮੇਹਰ ਸਿੰਘ, ਤਰਸੇਮ ਬੇਦੀ, ਜ਼ੋਗਿਦਰ ਸਿੰਘ, ਕੇਵਲ ਸਿਘ, ਕਰਮ ਸਿੰਘ, ਤਰਲੋਕ ਸਿੰਘ, ਗੁਰਜਿੰਦਰ ਸਿੰਘ, ਗੁਰਮੇਲ ਸਿੰਘ, ਪਿਆਰਾ ਸਿੰਘ, ਸੁਰਜੀਤ ਸਿੰਘ, ਡਮਰ ਸਿੰਘ, ਜੀਤ ਸਿੰਘ, ਰਾਮ ਪ੍ਰਸਾਦ, ਚੰਦਰ ਮੋਹਨ, ਜਸਪਾਲ ਸਿੰਘ, ਪ੍ਰੇਮ ਕੁਮਾਰ ਕਾਮਰਾ, ਓਮ ਪ੍ਰਕਾਸ਼, ਸਤਨਾਮ ਸਿੰਘ, ਚਾਨਣ ਸਿੰਘ, ਬਿੱਕਰ ਸਿੰਘ, ਰਮੇਸ਼ ਭੱਟੀ, ਕਸ਼ਮੀਰ ਸਿੰਘ, ਹਰੀਕਿਸ਼ਨ, ਪਰਮਜੀਤ ਸਿੰਘ ਆਦਿ ਸ਼ਾਮਲ ਹੋਏ।

## ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਦੀਵਾਲੀ ਤਿਉਹਾਰ ਮਨਾਏਗੀ ਧੂਮ—ਧਾਮ ਨਾਲ

**ਫ਼ਿਰੋਜ਼ਪੁਰ, 14 ਅਕਤੂਬਰ (ਮਨੋਹਰ ਲਾਲ)** :— ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਫ਼ਿਰੋਜ਼ਪੁਰ ਦੀਵਾਲੀ ਦਾ ਤਿਉਹਾਰ ਬੜੀ ਧੂਮ—ਧਾਮ ਨਾਲ ਮਿਤੀ 31 ਅਕਤੂਬਰ ਨੂੰ ਮਨਾਏਗੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੰਸਥਾ ਦੇ ਆਗੂਆਂ ਨੇ ਦੱਸਿਆ ਕਿ 31 ਅਕਤੂਬਰ ਸਵੇਰੇ 10 ਵਜੇ ਸਮੂਹ ਆਗੂ ਅੰਧ ਵਿਦਿਆਲਿਆ ਵਿਖੇ ਇਕੱਠੇ ਹੋਣਗੇ, ਜਿਥੇ ਅੰਧ ਵਿਦਿਆਲਿਆ ਦੇ ਬਸ਼ਿੰਦਿਆਂ ਨਾਲ ਦੀਵਾਲੀ ਦਾ ਤਿਉਹਾਰ ਮਨਾਇਆ ਜਾਵੇਗਾ। ਗੱਲਬਾਤ ਕਰਦਿਆਂ ਸ੍ਰੀ ਦੀਵਾਨ ਚੰਦ ਸੁਖੀਜਾ ਚੇਅਰਮੈਨ, ਕਿਸ਼ਨ ਚੰਦ ਜਾਗੋਵਾਲੀਆ ਪ੍ਰਧਾਨ ਅਤੇ ਸ੍ਰੀ ਪਰਵੀਨ ਕੁਮਾਰ ਧਵਨ ਜਨਰਲ ਸਕੱਤਰ ਨੇ ਕਿਹਾ ਕਿ ਹਰ ਤਿਉਹਾਰ ਜ਼ਰੂਰਤਮੰਦਾਂ ਅਤੇ ਮਜ਼ਲੂਮਾਂ ਨਾਲ ਮਨਾਉਣਾ ਚਾਹੀਦਾ ਹੈ, ਜਿਸ ਨਾਲ ਉਹ ਅਕਾਲ ਪੁਰਖ ਵੀ ਖੁਸ਼ ਹੁੰਦਾ ਹੈ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਅਕਤੂਬਰ ਮਹੀਨੇ ਵਿਚ ਜਨਮ ਲੈਣ ਵਾਲੇ ਮੈਂਬਰਾਂ ਨੂੰ ਵੀ ਸਨਮਾਨਿਤ ਕੀਤਾ ਜਾਵੇਗਾ।

## ਜਥੇ. ਖੱਬੇਰਾਜਪੂਤਾਂ ਦੇ ਮਾਤਾ ਬਲਵਿੰਦਰ ਕੌਰ ਦਾ ਅੰਤਿਮ ਸਸਕਾਰ



**ਚੌਂਕ ਮਹਿਤਾ, 14 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸਾਬਕਾ ਚੇਅਰਮੈਨ ਅਤੇ ਸਾਬਕਾ ਸਰਪੰਚ ਜਥੇ. ਗੁਰਮੀਤ ਸਿੰਘ ਖੱਬੇ ਰਾਜਪੂਤਾਂ ਤੇ ਸਰਬਜੀਤ ਸਿੰਘ ਇਟਲੀ ਦੇ ਸਤਿਕਾਰਯੋਗ ਮਾਤਾ ਸਰਦਾਰਨੀ ਬਲਵਿੰਦਰ ਕੌਰ ਬੀਤੇ ਦਿਨ ਅਕਾਲ ਚਲਾਣਾ ਕਰ ਗਏ ਸਨ। ਅੱਜ ਸੈਂਕੜੇ ਨਮ ਅੱਖਾਂ ਦੀ ਹਾਜ਼ਰੀ ’ਚ ਉਨ੍ਹਾਂ ਦਾ ਅੰਤਿਮ ਸਸਕਾਰ ਪਿੰਡ ਖੱਬੇਰਾਜਪੂਤਾਂ ਦੇ ਸ਼ਮਸ਼ਾਨਘਾਟ ਵਿਚ ਕਰ ਦਿੱਤਾ ਗਿਆ, ਅਤੇ ਜਥੇ. ਗੁਰਮੀਤ ਸਿੰਘ ਨੇ ਮਾਤਾ ਜੀ ਦੀ ਮ੍ਰਿਤਕ ਦੇਹ ਨੂੰ ਅਗਨ ਭੇਟ ਕੀਤਾ। ਇਸ ਦੌਰਾਨ ਦਮਦਮੀ ਟਕਸਾਲ ਦੇ ਮੁੱਖੀ ਸੰਤ ਬਾਬਾ ਹਰਨਾਮ ਸਿੰਘ ਖਾਲਸਾ ਦੇ ਤਰਫ਼ੋਂ ਭਾਈ ਗੁਰਸੇਵਕ ਸਿੰਘ ਤੇ ਰਾਗੀ ਭਾਈ ਲਵਜੀਤ ਸਿੰਘ ਨੇ ਜਥੇ ਸਮੇਤ ਹਾਜ਼ਰੀ। ਇਸ ਮੌਕੇ ਹਲਕਾ ਇੰਚਾਰਜ ਸਤਿੰਦਰਜੀਤ ਸਿੰਘ ਛੱਜਲਵੱਡੀ, ਸਾਬਕਾ ਵਿਧਾਇਕ ਬਲਜੀਤ ਸਿੰਘ ਜਲਾਲਉਸਮਾ, ਸ. ਮਜੀਠੀਆ ਦੇ ਸਿਆਸੀ ਸਲਾਹਕਾਰ ਚੇਅਰਮੈਨ ਸੁਖਵਿੰਦਰ ਸਿੰਘ ਗੋਲਡੀ, ਸੰਦੀਪ ਸਿੰਘ ਏ ਆਰ, ਚੇਅਰਮੈਨ ਡਾ. ਗੁਰਵਿੰਦਰ ਸਿੰਘ ਰੰਧਾਵਾ, ਮਹਿੰਦਰਪਾਲ ਸਿੰਘ ਬੱਲ, ਜਥੇ. ਰਾਜਬੀਰ ਸਿੰਘ ਉਦੋਨੰਗਲ, ਚੇਅਰਮੈਨ ਕੰਵਰਦੀਪ ਸਿੰਘ ਮਾਨ, ਚੇਅਰਮੈਨ ਲਖਵਿੰਦਰ ਸਿੰਘ ਖਾਲਸਾ, ਹਰਸ਼ਦੀਪ ਸਿੰਘ ਰੰਧਾਵਾ, ਪ੍ਰਧਾਨ ਸੁਖਰਾਜ ਸਿੰਘ ਮੁੱਛਲ, ਸਰਪੰਚ ਪਰਮਜੀਤ ਕੌਰ, ਸੁਰਜੀਤ ਸਿੰਘ ਫੌਜੀ, ਸਰਪੰਚ ਮਨਦੀਪ ਸਿੰਘ ਸੋਨਾ, ਮੋਹਣ ਸਿੰਘ ਕੰਗ, ਬਿਕਰਮ ਸਿੰਘ ਖਾਲਸਾ, ਗੁਰਲਾਲ ਸਿੰਘ ਲਾਲੀ, ਰਣਬੀਰ ਸਿੰਘ ਰਾਣਾ, ਗੁਰਵੇਲ ਸਿੰਘ ਡੇਅਰੀਵਾਲ, ਪ੍ਰਧਾਨ ਤਰਲੋਚਨ ਸਿੰਘ, ਤੇਜਿੰਦਰਪਾਲ ਸਿੰਘ ਲਾਡੀ, ਪ੍ਰਧਾਨ ਗੁਰਭੇਜ ਸਿੰਘ ਜੱਬੋਵਾਲ, ਹਰਜੀਤ ਸਿੰਘ ਮਹਿਤੀਆ, ਪ੍ਰਧਾਨ ਬਲਜੀਤ ਸਿੰਘ, ਦਿਲਬਾਗ ਸਿੰਘ ਕਲੇਰ, ਗੁਰਧਿਆਨ ਸਿੰਘ ਮਹਿਤਾ, ਅਜੀਤਪਾਲ ਸਿੰਘ, ਪਰਮਜੀਤ ਸਿੰਘ ਕੋਟਹਯਾਤ, ਸਰਪੰਚ ਬਲਦੇਵ ਸਿੰਘ, ਤਜਿੰਦਰ ਸਿੰਘ ਬੇਰੀਆਣਾ, ਗੁਰਅੰਮ੍ਰਿਤਪਾਲ ਸਿੰਘ, ਪ੍ਰਗਟ ਸਿੰਘ ਬੱਲ, ਬਾਬਾ ਕੁਲਵੰਤ ਸਿੰਘ, ਬਾਬਾ ਹਰਭਜਨ ਸਿੰਘ, ਅਮਰਜੀਤ ਸਿੰਘ ਰੰਧਾਵਾ, ਡਾ. ਬਾਜਵਾ, ਸਰਤਾਜ ਸਿੰਘ ਚੂੰਘ, ਕੰਵਲਜੀਤ ਸਿੰਘ ਚੂੰਘ, ਦਲਬੀਰ ਸਿੰਘ ਭੋਮਾ, ਪੰਜਾਬ ਸਿੰਘ ਨੰਬਰਦਾਰ, ਗੁਰਵਿੰਦਰ ਸਿੰਘ ਬੱਲ, ਸੁਖਜਿੰਦਰ ਸਿੰਘ ਬਿਆਸ, ਸਰਪੰਚ ਗੁਰਿੰਦਰ ਸਿੰਘ ਨੰਗਲੀ, ਜਥੇ. ਪ੍ਰਗਟ ਸਿੰਘ ਤੇ ਹੋਰ ਵੀ ਸਖਸ਼ੀਅਤਾਂ ਹਾਜਰ ਸਨ।

### ਸਰਬਸੰਮਤੀ ਨਾਲ ਚੁਣੀਆਂ ਪੰਚਾਇਤਾਂ ਨਾਲ

# ਭਾਈਚਾਰਕ ਸਾਂਝ ਨੂੰ ਹੋਰ ਮਜ਼ਬੂਤ ਹੋਵੇਗੀ : ਚੇਅਰਮੈਨ ਘੁੱਲੀ



**ਧੂਰੀ, ( ਰਣਜੀਤ ਸਿੰਘ ਧੇਧਨੀ )**-ਆਮ ਆਦਮੀ ਪਾਰਟੀ ਸਪੋਰਟਸ ਵਿੰਗ ਪੰਜਾਬ ਦੇ ਜਰਨਲ ਸਕੱਤਰ ਸ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਦਫ਼ਤਰ ਇੰਚਾਰਜ ਮੁੱਖ ਮੰਤਰੀ ਪੰਜਾਬ ਨੇ ਸਰਬਸੰਮਤੀ ਨਾਲ ਚੁਣੇ ਸਰਪੰਚਾਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਇਹ ਚੋਣਾਂ ਸਿਰਫ਼ ਇੱਕ ਪ੍ਰਕਿਰਿਆ ਨਹੀਂ ਹਨ, ਸਗੋਂ ਇਹ ਇੱਕ ਸੰਕੇਤ ਹਨ ਕਿ ਪਿੰਡਾਂ ਵਿੱਚ ਲੋਕ ਭਾਈਚਾਰੇ ਅਤੇ ਸਾਂਝ ਦੀ ਅਹਿਮੀਅਤ ਨੂੰ ਸਮਝਦੇ ਹਨ।ਸਰਬਸੰਮਤੀ ਨਾਲ ਚੁਣੀ ਗਈਆਂ ਪੰਚਾਇਤਾਂ ਸਾਂਝ ਦੇ ਸਿਧਾਂਤਾਂ ਦੀ ਮਿਸਾਲ ਬਣਨਗੀਆਂ ਅਤੇ ਇਹ ਪਿੰਡਾਂ ਦੇ ਵਿਕਾਸ ਵਿੱਚ ਨਵਾਂ ਪੜਾਅ ਸਾਬਤ ਹੋਣਗੀਆਂ। ਜਿਥੇ ਰੂਹਾਨੀ ਸਾਂਝ ਤੇ ਭਾਈਚਾਰਾ ਹੁੰਦਾ ਹੈ, ਉਥੇ ਵਿਕਾਸ ਨੂੰ ਭਾਈਚਾਰਕ ਸਾਂਝ ਨਾਲ ਹੋਰ ਤੇਜ਼ੀ ਮਿਲਦੀ ਹੈ। ਉਨ੍ਹਾਂ ਕਿਹਾ ਕਿ ਸਰਬਸੰਮਤੀ ਨਾਲ ਚੁਣੀਆਂ ਗਈਆਂ ਪੰਚਾਇਤਾਂ ਪਿੰਡਾਂ ਵਿੱਚ ਲੋਕਾਂ ਦੇ ਮੱਦੇਨਜ਼ਰ ਰੱਖ ਕੇ ਇੱਕ ਚੰਗੇ ਵਿਕਾਸ ਦੇ ਯਤਨਾ ਵੱਲ ਵਧਣਗੀਆਂ। ਇਹ ਚੋਣਾਂ ਸਿਆਸੀ ਰੰਜਿਸ਼ਾਂ ਤੋਂ ਬਿਲਕੁਲ ਪਰਹੇਜ਼ ਕਰਦੀਆਂ ਹਨ ਅਤੇ ਇਹ ਮਿਸਾਲ ਸਮਾਜ ਵਿੱਚ ਇੱਕਜੁਟਤਾ ਅਤੇ ਸਾਂਝ ਵਧਾਉਣ ਲਈ ਪ੍ਰੇਰਣਾ ਦੇਣਗੀਆਂ। ਉਨ੍ਹਾਂ ਕਿਹਾ ਕਿ ਸਰਬਸੰਮਤੀ ਚੋਣਾਂ ਨੇ ਇਸ ਦਿਸ਼ਾ ਵਿੱਚ ਇਕ ਮਜ਼ਬੂਤ ਸ਼ੁਰੂਆਤ ਕੀਤੀ ਹੈ, ਜਿਹੜੀ ਲੰਮੇ ਸਮੇਂ ਤੱਕ ਭਾਈਚਾਰਕ ਸੁਹਾਰਾ ਅਤੇ ਸਾਂਝ ਦੀਆਂ ਬੁਨਿਆਦਾਂ ਨੂੰ ਪੱਕਾ ਕਰੇਗੀ। ਇਸੇ ਤਰ੍ਹਾਂ ਦੇ ਸਮਾਜਿਕ ਸੰਦੇਸ਼ ਸਿਰਫ ਪਿੰਡਾਂ ਹੀ ਨਹੀਂ, ਸਗੋਂ ਸਾਰੇ ਹਲਕੇ ਵਿੱਚ ਇੱਕ ਨਵਾਂ ਦੌਰ ਸ਼ੁਰੂ ਕਰਨਗੇ, ਜਿੱਥੇ ਸਾਰਿਆਂ ਦੇ ਭਲੇ ਲਈ ਚਿੰਤਨ ਅਤੇ ਵਿਕਾਸ ਅਹਿਮ ਮਕਸਦ ਬਣੇਗਾ। ਇਸ ਮੌਕੇ ਆਪ ਆਗੂ ਪਰਮਜੀਤ ਸਿੰਘ ਕਾਂਝਲਾ, ਦਿਲਰਾਜ ਦੋਰਾਹਾ, ਜੈਲਦਾਰ ਮਨਪ੍ਰੀਤ ਸਿੰਘ ਲੱਲ ਕਲਾ ਸਰਪੰਚ ਸੰਤ ਸਿੰਘ ਸਰੀਂਹ, ਨੰਬਰਦਾਰ ਰਜਿੰਦਰ ਸਿੰਘ ਹਾਜ਼ਰ ਸਨ।

### ਸੇਂਟ ਫਰਾਂਸਿਸ ਕਾਨਵੇਂਟ ਸਕੂਲ ਮਾੜੀ ਪਨਵਾਂ ਦੇ

# ਵਿਦਿਆਰਥੀਆਂ ਨੇ ਨੈਸ਼ਨਲ ਖੇਡਾਂ ਵਿੱਚ ਮਾਰੀਆਂ ਮੱਲ੍ਹਾਂ




**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 14 ਅਕਤੂਬਰ (ਕੁਲਜੀਤ ਸਿੰਘ ਖੋਖਰ)**-ਪਿਛਲੇ ਦਿਨੀ ਉਤਾਰਾਖੰਡ ਵਿੱਚ ਏ ਆਈ ਟੀ ਡਬਲਯੂ ਪੀ ਐਫ ਵੱਲੋਂ ਕਰਵਾਈ ਗਈ ਬਾਰ੍ਹਵੀਂ ਨੈਸ਼ਨਲ ਟ੍ਰੈਡਿਸ਼ਨਲ ਬੈਲਟ ਰੈਸਲਿੰਗ ਚੈਮਪੀਅਨਸ਼ਿਪ ਕਰਵਾਈ ਗਈ, ਜਿਸ ਵਿੱਚ ਸੇਂਟ ਫਰਾਂਸਿਸ ਕਾਨਵੇਂਟ ਸਕੂਲ ਮਾੜੀ ਪੰਨਵਾਂ ਦੇ ਬੱਚਿਆਂ ਨੇ ਪੰਜਾਬ ਰਾਜ ਵੱਲੋਂ ਭਾਗ ਲੈ ਚੰਗੀਆਂ ਪੋਜੀਸ਼ਨਾ ਹਾਂਸਿਲ ਕਰਕੇ ਆਪਣੇ ਸਕੂਲ, ਮਾਤਾ ਪਿਤਾ ਅਤੇ ਇਲਾਕੇ ਦਾ ਨਾਮ ਰੋਸ਼ਨ ਕੀਤਾ ਹੈ। ਸਕੂਲ ਮੁਖੀ ਸਾਜੀ ਥੋਮਸ ਨੇ ਦੱਸਿਆ ਕਿ ਸਕੂਲ ਵੱਲੋਂ 9 ਬੱਚਿਆਂ ਨੇ ਭਾਗ ਲਿਆ ਜਿਨ੍ਹਾਂ ਵਿੱਚੋਂ ਰਣਬੀਰ ਸਿੰਘ ਪੁੱਤਰ ਸ਼੍ਰੀ ਰਾਜਵਿੰਦਰ ਸਿੰਘ ਨੇ ਗੋਲ੍ਡ, ਅੰਮ੍ਰਿਤਜੋਤ ਪੁੱਤਰ ਸ਼੍ਰੀ ਜਸਪ੍ਰੀਤ ਸਿੰਘ ਗੋਲ੍ਡ, ਅਦੀਪਜੋਤ ਪੁੱਤਰ ਸ਼੍ਰੀ ਬਿਕਰਮਜੀਤ ਸਿੰਘ ਨੇ ਸਿਲਵਰ ਮੈਡਲ,ਕੀਰਤਜੋਤ ਸਿੰਘ ਪੁੱਤਰ ਸ਼੍ਰੀ ਰਣਜੀਤ ਸਿੰਘ ਨੇ ਸਿਲਵਰ, ਗੁਰਸਿਮਰਨ ਸਿੰਘ ਪੁੱਤਰ ਸ਼੍ਰੀ ਸੁਖਜੀਤ ਸਿੰਘ ਨੇ ਸਿਲਵਰ ਮੈਡਲ, ਗੁਰਨੂਰਪ੍ਰੀਤ ਸਿੰਘ ਪੁੱਤਰ ਸ਼੍ਰੀ ਅਮਰਜੀਤ ਸਿੰਘ ਨੇ ਗੋਲ੍ਡ ਮੈਡਲ, ਦਰਮਿੰਦਰ ਸਿੰਘ ਪੁੱਤਰ ਸ਼੍ਰੀ ਯੋਧ ਸਿੰਘ ਨੇ ਬਰਾਉਂਜ ਮੈਡਲ, ਮਨਸੀਰਤ ਕੌਰ ਪੁੱਤਰੀ ਸ਼੍ਰੀ ਬਲਰਾਜ ਸਿੰਘ ਗੋਲਡ ਮੈਡਲ, ਮਨਮੀਤ ਕੌਰ ਪੁੱਤਰੀ ਸ਼੍ਰੀ ਸੁਖਜੀਤ ਸਿੰਘ ਨੇ ਗੋਲ੍ਡ ਮੈਡਲ ਪ੍ਰਾਪਤ ਕੀਤਾ। ਸਕੂਲ ਪ੍ਰਿੰਸੀਪਲ ਟੈਸੀ ਮੈਥਿਊ ਨੇ ਦੱਸਿਆ ਕਿ ਇਸ ਜਿੱਤ ਦਾ ਸਿਹਰਾ ਮਾਰਸ਼ਲ ਆਰਟ ਕੋਚ ਸ਼ਿਵ ਕੁਮਾਰ ਦੇ ਸਿਰ ਜਾਂਦਾ ਹੈ, ਜਿਨ੍ਹਾਂ ਦੀ ਸਖ਼ਤ ਮਿਹਨਤ ਸਦਕਾ ਬੱਚਿਆਂ ਨੇ ਇਹ ਜਿੱਤ ਪ੍ਰਾਪਤ ਕੀਤੀ ਹੈ । ਇਸ ਮੌਕੇ ਸਮੂਹ ਸਕੂਲ ਸਟਾਫ ਵੱਲੋਂ ਜੇਤੂ ਬੱਚਿਆਂ ਅਤੇ ਮਾਪਿਆਂ ਦਾ ਮੂੰਹ ਮਿੱਠਾ ਕਰਵਾ ਕੇ ਵਧਾਈਆਂ ਦਿੱਤੀਆਂ ਗਈਆਂ।

# ਪਿੰਡ ਅਠਵਾਲ ਵਿਖੇ ਮੈਡੀਕਲ ਕੈਂਪ ਲਗਾਇਆ ਗਿਆ



**ਚੌਕ ਮਹਿਤਾ, 14 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਪੰਜਾਬ ਸਰਕਾਰ ਸਿਹਤ ਵਿਭਾਗ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਸਿਵਲ ਸਰਜਨ ਅੰਮ੍ਰਿਤਸਰ ਡਾ.ਕਿਰਨਦੀਪ ਕੌਰ ਅਤੇ ਸੀਨੀਅਰ ਮੈਡੀਕਲ ਅਫਸਰ ਇੰਚਾਰਜ ਸੀਐੱਚਸੀ ਤਰਸਿੱਕਾ ਐੱਸਐੱਮਓ ਡਾ.ਮੋਨਾ ਚਤਰਥ ਦੀ ਰਹਿਨੁਮਾਈ ਹੇਠ ਪਿੰਡ ਅਠਵਾਲ ਵਿਖੇ ਮਹੀਨਾਵਾਰ ਮੈਡੀਕਲ ਚੈੱਕਅਪ ਕੈਂਪ ਲਗਾਇਆ ਗਿਆ, ਜਿਸ ਵਿਚ ਮਰੀਜ਼ਾਂ ਦਾ ਬੀਪੀ, ਸ਼ੂਗਰ ਅਤੇ ਮੂੰਹ ਦੇ ਕੈਂਸਰ ਦਾ ਚੈੱਕਅਪ ਕੀਤਾ ਗਿਆ, ਅਤੇ ਮਰੀਜ਼ਾਂ ਨੂੰ ਮੁਫਤ ਦਵਾਈਆਂ ਵੀ ਦਿੱਤੀਆਂ ਗਈਆਂ। ਇਸ ਕੈਂਪ ਤਹਿਤ ਗਰਭਵਤੀ ਔਰਤਾਂ ਦਾ ਚੈੱਕਅਪ ਕੀਤਾ ਗਿਆ ਅਤੇ ਉਨ੍ਹਾਂ ਨੂੰ ਮੁਫਤ ਦਵਾਈ ਵੀ ਦਿੱਤੀ ਗਈ।ਇਸ ਮੌਕੇ ਅਮਨਪ੍ਰੀਤ ਕੌਰ ਸੀਐੱਚਓ, ਸੁਖਚੈਨ ਸਿੰਘ ਹੈਲਥ ਵਰਕਰ, ਰਮਨਦੀਪ ਕੌਰ ਆਂਗਨਵਾੜੀ ਵਰਕਰ ਆਦਿ ਹਾਜ਼ਰ ਸਨ।

# ਮੈਡਲ ਜਿੱਤਣ ਤੇ ਵਿਦਿਆਰਥੀਆ ਕੀਤਾ ਆਸ਼ਾ ਸਪੈਸ਼ਲ ਸਕੂਲ ਦਾ ਨਾਮ ਰੌਸ਼ਨ



**ਚੌਕ ਮਹਿਤਾ, 14 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਅੱਜ ਸ੍ਰੀ ਗੁਰੂ ਰਾਮ ਦਾਸ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਸਪੈਸ਼ਲ ਬੱਚਿਆਂ ਦੇ ਖੇਡ ਮੁਕਾਬਲੇ ਖ਼ਾਲਸਾ ਕਾਲਜ ਵਿਖੇ ਕਰਵਾਏ ਗਏ ਜਿਸ ਵਿੱਚ ਅੰਮ੍ਰਿਤਸਰ ਦੇ ਸਾਰੇ ਸਪੈਸ਼ਲ ਸਕੂਲਾਂ ਨੇ ਭਾਗ ਲਿਆ ਅਤੇ ਆਸ਼ਾ ਸਪੈਸ਼ਲ ਸਕੂਲ ( ਏਅਰਪੋਰਟ ਰੋਡ ) ਦੇ ਅੰਗਮ ਨੇ 25 ਵਾਕ ਵਿੱਚ ਸਿਲਵਰ ਮੈਡਲ ਤੇ ਸਾਫਟ ਬਾਲ ਥਰੋਅ ਵਿੱਚ ਗੋਲ੍ਡ ਮੈਡਲ ਵੰਸ਼ ਨੇ 50 ਮੀਟਰ ਰੇਸ ਵਿੱਚ ਸਿਲਵਰ ਮੈਡਲ ਤੇ ਸਟੈਂਡਿੰਗ ਲੋਂਗ ਜੰਪ ਵਿੱਚ ਸਿਲਵਰ ਮੈਡਲ ਤੇ ਵਿੰਕੁਲ ਨੇ 100 ਮੀਟਰ ਰੇਸ ਵਿੱਚ ਬਰੋਂਜ ਮੈਡਲ ਤੇ ਛੋਟ ਪੁੱਟ ਵਿੱਚ ਬਰੋਂਜ ਮੈਡਲ ਤੇ ਕੰਨਨ ਨੇ 25 ਮੀਟਰ ਰੇਸ ਵਿੱਚ ਸਿਲਵਰ ਮੈਡਲ ਤੇ ਸਾਫਟ ਬਾਲ ਥਰੋਅ ਵਿੱਚ ਬਰੋਂਜ ਮੈਡਲ ਅਬੀਜੋਤ ਸਿੰਘ ਨੇ 50 ਮੀਟਰ ਰੇਸ ਵਿੱਚ ਬਰੋਂਜ ਮੈਡਲ ਤੇ ਸਟੈਂਡਿੰਗ ਲੋਂਗ ਜੰਪ ਵਿੱਚ ਗੋਲ੍ਡ ਮੈਡਲ ਤੇ ਅਦਿੱਤਿਆਬੀਰ ਸਿੰਘ ਨੇ 25 ਮੀਟਰ ਰੇਸ ਵਿੱਚ ਗੋਲ੍ਡ ਮੈਡਲ ਤੇ ਸਾਫਟ ਬਾਲ ਥਰੋਅ ਵਿੱਚ ਸਿਲਵਰ ਮੈਡਲ ਜਿੱਤ ਕੇ ਸਕੂਲ ਦਾ ਨਾਮ ਰੋਸ਼ਨ ਕੀਤਾ ਉੱਥੇ ਸਕੂਲ ਨੇ ਅੰਮ੍ਰਿਤਸਰ ਵਿੱਚੋਂ ਦੂਸਰਾ ਸਥਾਨ ਹਾਸਲ ਕਰਕੇ ਆਲ ਔਵਰ ਟਰਾਫ਼ੀ ਜਿੱਤੀ ਤੇ 4100/ ਰੁਪਏ ਕੈਸ਼ ਰਾਸ਼ੀ ਵੀ ਪ੍ਰਾਪਤ ਕੀਤੀ। ਇੱਸ ਮੌਕੇ ਸਕੂਲ ਦੇ ਕੋਚ ਸੰਦੀਪ ਕੌਰ ਤੇ ਕੋਚ ਰਜਨੀ ਨੇ ਬੱਚਿਆਂ ਨੂੰ ਵਧਾਈ ਦਿੰਦਿਆਂ ਹੋਇਆਂ ਭਵਿੱਖ ਵਿੱਚ ਅੱਗੇ ਵੱਧਣ ਦਾ ਹੌਸਲਾ ਦਿੱਤਾ।





## ਜਨਮ ਦਿਨ ਮੁਬਾਰਕ

ਕੁਲਦੀਪ ਸਿੰਘ ਰੁਪਾਲ ਅਤੇ ਮਾਤਾ ਕਿਰਨਜੀਤ ਕੌਰ, ਪਿੰਡ ਨਥੇਹਾ ਨੂੰ ਉਹਨਾਂ ਦੇ ਬੇਟੇ ਕਰਮਨਵੀਰ ਸਿੰਘ ਰੁਪਾਲ ਨੂੰ ਪਹਿਲੇ ਜਨਮ ਦਿਨ ਦੀਆਂ ਅਦਾਰਾ ਆਵਾਜਿ ਕੌਮ ਵਲੋਂ ਲੱਖ-ਲੱਖ ਮੁਬਾਰਕਾਂ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਸਿਰਮੌਰ ਸੰਸਥਾ ਪ੍ਰਤੀ ਰਚੀ ਜਾ ਰਹੀ ਡੂੰਘੀ ਅਤੇ ਸੋਚੀ ਸਮਝੀ ਸਾਜ਼ਿਸ਼ ਨੂੰ ਸਿੱਖ ਕੌਮ ਬਰਦਾਸ਼ਤ ਨਹੀਂ ਕਰੇਗੀ : ਜਥੇ: ਵਡਾਲਾ

# ਕੋਈ ਨਾ ਭੁੱਲੇ ਕਿ ਤਖ਼ਤ ਨਾਲ ਟਕਰਾਉਣ ਵਾਲੇ ਦਾ ਹਸ਼ਰ ਹਮੇਸ਼ਾ ਮਾੜਾ ਰਿਹਾ

**ਚੰਡੀਗੜ੍ਹ, 14 ਅਕਤੂਬਰ (ਆਵਾਜ਼ਿ ਕੌਮ ਬਿਊਰੋ)-** ਅੱਜ ਇੱਥੇ ਜਾਰੀ ਬਿਆਨ ਵਿਚ ਸ਼੍ਰੋਮਣੀ ਅਕਾਲੀ ਦਲ ਸੁਧਾਰ ਲਹਿਰ ਜਥੇਦਾਰ ਗੁਰਪ੍ਰਤਾਪ ਸਿੰਘ ਵਡਾਲਾ ਵੱਲੋ ਕਿਹਾ ਗਿਆ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸਮੁੱਚਾ ਪੰਥ ਸਿਰ ਝੁਕਾਉਂਦਾ ਹੈ। ਮਰਿਯਾਦਾ ਅਤੇ ਦੁਬਿਧਾ ਤੇ



### ਵਿਰਸਾ ਸਿੰਘ ਵਲਟੋਹਾ ਸਾਜਿਸ਼ ਨੂੰ ਅੱਗੇ ਵਧਾਉਣ ਵਾਲਾ ਤਾਂ ਸੁਖਬੀਰ ਸਿੰਘ ਬਾਦਲ ਇਸ ਸ਼ਾਜਿਸ ਦਾ ਰਚਣਹਾਰਾ

ਸੰਦੇਸ਼ ਅਤੇ ਹੁਕਮਨਾਮਾ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਹੀ ਜਾਰੀ ਹੁੰਦਾ ਹੈ ਜਿਸ ਨੂੰ ਕੌਮ ਖਿੜੇ ਮੱਥੇ ਪ੍ਰਵਾਨ ਕਰਦੀ ਹੈ। ਦੇਸ਼ ਅਤੇ ਵਿਦੇਸਾਂ ਦੇ ਰਾਸ਼ਟਰਪਤੀ ਅਤੇ ਪ੍ਰਧਾਨ ਮੰਤਰੀਆਂ ਤੋ ਲੈਕੇ ਸਾਰੇ ਸਾਹਮਣੇ ਆ ਕੇ ਬੈਠਦੇ ਹਨ। ਇਹੀ ਸਰਵਉੱਚਤਾ ਦੀ ਨਿਸ਼ਾਨੀ ਹੈ। ਵਿਰਸਾ ਸਿੰਘ ਵਲਟੋਹਾ ਪਹਿਲਾਂ ਜਥੇਦਾਰ ਸਾਹਿਬ ਤੇ ਦਬਾਅ ਬਣਾਉਣ ਲਈ ਉਹਨਾਂ ਨੂੰ ਮਿਲਣ ਗਏ ਜਦੋਂ ਜੱਥੇਦਾਰ ਸਾਹਿਬ ਨੇ ਸਿਆਸੀ ਦਬਾਅ ਨਹੀਂ ਮੰਨਿਆ ਤਾਂ ਵਿਰਸਾ ਸਿੰਘ ਵਲਟੋਹਾ ਨੇ ਕੌਮ ਦੇ ਸਿਰਮੌਰ ਸਿੰਘ ਸਾਹਿਬਾਨ ਦੀ ਕਿਰਦਾਰਕੁਸ਼ੀ ਕਰਨੀ ਸ਼ੁਰੂ ਕਰ ਦਿੱਤੀ। ਇਹ ਸਿਰਫ ਜੱਥੇਦਾਰ ਸਾਹਿਬਾਨਾਂ ਤੇ ਹਮਲਾ ਨਹੀਂ ਹੈ ਸਗੋਂ ਕੌਮ ਦੀ ਸਰਵਉਚ ਸੰਸਥਾ ਤੇ ਸੋਚੀ ਸਮਝੀ ਸਾਜ਼ਿਸ਼ ਅਧੀਨ ਕੀਤਾ ਗਿਆ ਹਮਲਾ ਹੈ। ਜਿਸ ਤਰੀਕੇ ਵਿਰਸਾ ਸਿੰਘ ਵਲਟੋਹਾ ਪਿਛਲੇ ਹਫਤੇ ਤੋਂ ਇਸ ਸਾਜਿਸ਼ ਨੂੰ ਅੱਗੇ ਵਧਾ ਰਹੇ ਹਨ ਉਸ ਤਹਿਤ ਇਸ ਸ਼ਾਜਿਸ ਵਿੱਚ ਸ਼ਾਮਿਲ ਤਮਾਮ ਲੋਕ ਅਕਾਲ ਤਖ਼ਤ ਸਾਹਿਬ ਦੀ ਸ਼ਕਤੀ ਨੂੰ ਘਟਾਉਣਾ ਚਾਹੁੰਦੇ ਹਨ ਜਿਸ ਤਰੀਕੇ ਸੱਤਾ ਸਾਸ਼ਨ ਵੇਲੇ ਮਿਟਾਉਂਦੇ ਰਹੇ ਹਨ। ਵੱਡੀ ਗੱਲ ਹੈ ਕਿ ਵਿਰਸਾ ਸਿੰਘ ਵਲਟੋਹਾ ਜੱਥੇਦਾਰ ਸਾਹਿਬ ਨੂੰ ਮਿਲਣ ਕਿਸ ਹੈਸੀਅਤ ਨਾਲ ਗਏ ਸਨ, ਕੀ ਓਹਨਾ ਦਾ ਮਕਸਦ ਸੀ ਅਤੇ ਕੀ ਉਦੇਸ਼ ਆਪਣੇ ਆਕਾ ਦੇ ਹੁਕਮਾਂ ਤਹਿਤ ਜੱਥੇਦਾਰ ਸਾਹਿਬ ਤੇ ਦਬਾਅ ਬਣਾਉਣਾ ਹੀ ਸੀ। ਸ਼੍ਰੋਮਣੀ ਅਕਾਲੀ ਦਲ ਦੇ ਤਨਖਾਹੀਆ ਪ੍ਰਧਾਨ ਨੇ ਜੱਥੇਦਾਰ ਸਾਹਿਬਾਨ ਤੇ ਦਬਾਅ ਪਾਉਣ ਲਈ ਵੱਡੀ ਤੇ ਸੋਚੀ ਸਮਝੀ ਸਾਜ਼ਿਸ਼ ਚੱਲੀ ਹੈ ਜਿਸ ਤਹਿਤ ਕਿਰਦਾਰਕੁਸ਼ੀ ਕੀਤੀ ਜਾ ਰਹੀ ਹੈ। ਜਥੇ: ਵਡਾਲਾ ਨੇ ਕਿਹਾ ਸ਼ੁਕਰਾਨਾਂ ਕਰਦੇ ਹਾਂ ਸੱਚੇ ਪਾਤਸ਼ਾਹ ਵਾਹਿਗੁਰੂ ਸਹਿਬ ਸ੍ਰੀ ਹਰਗੋਬਿੰਦ ਸਾਹਿਬ ਪਾਤਸ਼ਾਹ ਜੀ ਦਾ, ਜਿਨ੍ਹਾਂ ਨੇ ਆਪਣੇ ਵਰਸਾਏ ਤਖ਼ਤ ਤੇ ਬੈਠੇ ਸਿੰਘ ਸਾਹਿਬਾਨਾਂ ਨੂੰ ਸ਼ਕਤੀ ਦੇਕੇ ਤੁਰੰਤ ਵਿਰਸਾ ਸਿੰਘ ਵਲਟੋਹਾ ਨੂੰ ਨੋਟਿਸ ਜਾਰੀ ਕਰਵਾ ਦਿੱਤਾ ਤੇ ਇਹਨਾ ਦੇ ਲੱਖਾਂ ਯਤਨਾਂ ਅਤੇ ਸਾਜਿਸ਼ਾਂ ਦੇ ਬਾਵਜੂਦ ਝੁਕੇ ਨਹੀਂ। ਜਿਸ ਤਰੀਕੇ ਨਾਲ ਹੁਣ ਸਿੰਘ ਸਾਹਿਬਾਨਾਂ ਦੀ ਕਿਰਦਾਰਕੁਸ਼ੀ ਤੱਕ ਕੀਤੀ ਜਾ ਰਹੀ ਹੈ ਅਪੀਲ ਤੇ ਬੇਨਤੀ ਹੈ ਕਿ ਸਮੁੱਚੀਆਂ ਸਿੱਖ ਸੰਸਥਾਵਾਂ, ਧਾਰਮਿਕ ਜਥੇਬੰਦੀਆਂ ਸਮੇਤ ਸਮੁੱਚੀ ਸਿੱਖ ਸੰਗਤਾਂ ਤਕੜੇ ਹੋ ਕੇ ਅਤੇ ਸਖ਼ਤ ਉਪਰਾਲੇ ਕਰਨੇ ਚਾਹੀਦੇ ਹਨ। ਜਿਹੜੀ ਵੀ ਸ੍ਰੀ ਅਕਾਲ ਤਖ਼ਤ ਵੱਲ ਅਵਾਜ ਉੱਠਦੀ ਹੈ, ਉਸ ਖ਼ਿਲਾਫ਼ ਤੁਰੰਤ ਖੜੇ ਹੋਣ ਦੀ ਲੋੜ ਹੈ। ਬਾਹਰਲੀ ਸਿੱਖ ਸੰਗਤ ਅਤੇ ਬਾਹਰਲੀਆਂ ਸਿੱਖ ਸੰਸਥਾਵਾਂ ਦੀਆਂ ਭਾਵਨਾਵਾਂ ਦੀ ਕਦਰ ਕਰਨ ਦੀ ਬਜਾਏ ਉਲਟਾ ਵਿਰਸਾ ਸਿੰਘ ਵਲਟੋਹਾ ਨੇ ਬਾਹਰਲੇ ਸਿੱਖਾਂ ਤੇ ਦਬਾਅ ਪਾਉਣ ਦੋਸ ਲਾ ਰਹੇ ਹਨ। ਇਹ ਗਿਣੀ ਮਿੱਥੀ ਸਾਜਿਸ਼ ਨੂੰ ਅੱਗੇ ਵਧਾ ਕੇ ਤਖ਼ਤ ਸਾਹਿਬ ਨਾਲੋ ਤੋੜਨ ਦੇ ਯਤਨ ਹਨ ਜਿਹੜਾ ਕਿ ਬਹੁੱਤ ਮੰਦਭਾਗਾ ਹੈ ਕਿਉ ਕਿ ਇਹ ਤਖ਼ਤ ਸਿਰਫ ਬਾਦਲ ਪਰਿਵਾਰ ਦਾ ਜਾਂ ਅਕਾਲੀ ਦਲ ਦਾ ਨਹੀਂ ਹੈ ਸਗੋ ਸਮੁੱਚੇ ਸਿੱਖ ਜਗਤ ਦਾ ਹੈ ਤੇ ਖ਼ਾਸ ਕਰ ਬਾਹਰਲੇ ਸਿੱਖ ਜਿੱਥੇ ਸਿੱਖੀ ਵਿੱਚ ਪ੍ਰਪੱਕ ਹਨ ਉਹ ਜਿਥੇ ਵੀ ਬੈਠੇ ਹਨ ਉੱਥੇ ਸਿੱਖੀ ਦੇ ਪ੍ਰਚਾਰ-ਪ੍ਰਸਾਰ ਲਈ ਵੱਡੇ ਉਪਰਾਲੇ ਕਰਦੇ ਹਨ। ਸ: ਵਡਾਲਾ ਨੇ ਕਿਹਾ ਕਿ ਵੱਡੀ ਅਤੇ ਨਾ ਬਰਦਾਸ਼ਤਯੋਗ ਸਾਜਿਸ਼ ਤਹਿਤ ਵਿਰਸਾ ਸਿੰਘ ਵਲਟੋਹਾ ਵਲੋਂ ਇੱਕ ਗੱਲ ਤੇ ਵਾਰ-ਵਾਰ ਜੋਰ ਦਿੱਤਾ ਜਾ ਰਿਹਾ ਹੈ ਕਿ ਸਿੰਘ ਸਾਹਿਬਾਨ ਸਿਰਫ ਧਾਰਮਿਕ ਸੇਵਾ ਲਗਾਉਣ, ਧਾਰਮਿਕ ਅਵੱਗਿਆ ਦੀ ਧਾਰਮਿਕ ਸੇਵਾ ਹੋ ਸਕਦੀ ਹੈ ਪਰ ਰਾਜਨੀਤੀ ਲਈ ਕੀਤੇ ਗਏ ਗੁਨਾਹਾਂ ਕੀ ਫੈਸਲਾ ਸਿੰਘ ਹੈ ਇਹ ਅਦਿਕਾਰ ਸਿੰਘ ਸਹਿਬਾਨਾਂ ਨੇ ਲੈਣਾ ਹੈ, ਜਿਸ ਲਈ ਕੋਈ ਵੀ ਵਿਅਕਤੀ ਸਿੰਘ ਸਾਹਿਬਾਨ ਨੂੰ ਹੁਕਮ ਜਾਰੀ ਨਹੀਂ ਕਰ ਸਕਦਾ। ਜੱਥੇਦਾਰ ਸਾਹਿਬਾਨਾਂ ਦੇ ਅਧਿਕਾਰ ਖੇਤਰ ਵਿਚ ਦਖਲ ਦੇਣ ਦੀ ਕੋਸ਼ਸ਼ ਕਰਨਾ ਵਿਰਸਾ ਸਿੰਘ ਵਲਟੋਹਾ ਨੂੰ ਸ਼ੋਭਦਾ ਨਹੀਂ ਨਹੀਂ ਹੈ। ਯਾਦ ਰਹੇ ਕਿ ਇੱਸ ਤੋਂ ਪਹਿਲਾਂ ਵੀ ਸਿੰਘ ਸਾਹਿਬਾਨਾਂ ਨੇ ਐਸਜੀਪੀਸੀ ਦੀ ਅੰਤ੍ਰਿੰਗ ਕਮੇਟੀ ਤੇ ਇਕ ਸਾਲ ਲਈ ਰੋਕ ਲਗਾ ਦਿੱਤੀ ਸੀ। ਇਸ ਕਰਕੇ ਸਿੰਘ ਸਾਹਿਬਾਨਾਂ ਨੇ ਗਲਤੀਆਂ ਗੁਨਾਹਾਂ ਨੂੰ ਧਿਆਨ ਵਿੱਚ ਰੱਖਦੇ ਫੈਸਲਾ ਸੁਣਾਉਣਾਂ ਹੈ, ਜਿਸ ਲਈ ਇਹ ਕਹਿ ਕੇ ਕਿਰਦਾਰਕੁਸ਼ੀ ਕਰਨਾ ਕਿ ਫੈਸਲਾ ਲੈਣ ਵਿੱਚ ਦੇਰੀ ਹੋ ਰਹੀ ਹੈ ਇਹ ਵੀ ਧਾਰਮਿਕ ਅਵੱਗਿਆ ਹੈ। ਕਈ ਵਾਰ ਸ੍ਰੀ ਅਕਾਲ ਤਖ਼ਤ ਸਾਹਿਬਾਨ ਤੋਂ ਫੈਸਲਾ ਆਉਣ ਵਿੱਚ ਕਈ ਸਾਲ ਬੀਤ ਜਾਂਦੇ ਹਨ, ਦੋਸ਼ੀ ਨੂੰ ਅਹਿਸਾਸ ਕਰਵਾਉਣਾ ਵੀ ਲਾਜ਼ਮੀ ਹੋ ਜਾਂਦਾ ਹੈ ਜਿਸ ਲਈ ਤਾਜਾ ਮਾਮਲਾ ਸੁੱਚਾ ਸਿੰਘ ਲੰਗਾਹ ਨਾਲ ਜੁੜਿਆ ਰਿਹਾ ਹੈ। ਜਿਸ ਤੇ ਕਰੀਬ ਛੇ ਸਾਲ ਬਾਅਦ ਫੈਸਲਾ ਹੋਇਆ ਸੀ। ਸ: ਵਡਾਲਾ ਵੱਲੋਂ ਸਮੁੱਚੀ ਸਿੱਖ ਸੰਗਤ ਨੂੰ ਅਪੀਲ ਕਰਦੇ ਆਗੂਆਂ ਨੇ ਕਿਹਾ ਕਿ, ਇਸ ਵੇਲੇ ਜਿਹੜੀ ਸਾਜਿਸ਼ ਰਚੀ ਗਈ ਓਸਦਾ ਨਤੀਜਾ ਬੜਾ ਭਿਆਨਕ ਹੋ ਸਕਦਾ ਹੈ ਇਸ ਲਈ ਇਸ ਤਰਾਂ ਦੀ ਸਾਜਿਸ਼ਕਰਤਾ ਅਤੇ ਇਸ ਦੇ ਵਿੱਚ ਭੂਮਿਕਾ ਨਿਭਾਉਣ ਵਾਲੇ ਲੋਕਾਂ ਦੀ ਕਿਰਦਾਰ ਪਛਾਣ ਕੇ ਓਹਨਾ ਖਿਲਾਫ ਡਟਣ ਦੀ ਲੋੜ ਹੈ ਤਾਂ ਜੋ ਸਿੰਘ ਸਾਹਿਬਾਨਾਂ ਦੀ ਪ੍ਰਭੁਸੱਤਾ ਅਧਿਕਾਰ ਖੇਤਰ ਅਤੇ ਸਰਵਉੱਚਤਾ ਨੂੰ ਬਹਾਲ ਰੱਖਿਆ ਜਾ ਸਕਦੇ। ਕੋਈ ਵੀ ਵਿਅਕਤੀ ਪੈਸੇ ਅਤੇ ਮਾਇਆ ਪੱਖ ਤੋਂ ਤਕੜਾ ਹੋ ਸਕਦਾ ਹੈ, ਉਸ ਕੋਲ ਆਮ ਸਿੱਖ ਦੇ ਮੁਕਾਬਲੇ ਜਿਆਦਾ ਸਿਆਸੀ ਸ਼ਕਤੀ ਹੋ ਸਕਦੀ ਹੈ ਪਰ ਪੰਥ ਅਤੇ ਗ੍ਰੰਥ ਨੂੰ ਸਮਰਪਿਤ ਸੰਸਥਾਵਾਂ ਦੀ ਰਾਖੀ ਅਤੇ ਸਤਿਕਾਰ ਬਹਾਲੀ ਲਈ ਸਭ ਦੀ ਇਖਲਾਕੀ ਜਿੰਮੇਵਾਰੀ ਬਣ ਜਾਂਦੀ ਹੈ।

# ਹਰਜਿੰਦਰ ਉਸਮਾਂ ਐਕਸਾਈਜ਼ ਤੇ ਟੈਕਸੇਸ਼ਨ ਸਲਾਹਕਾਰ ਕਮੇਟੀ ਦੇ ਮੈਂਬਰ ਨਿਯੁਕਤ

**ਚੌਕ ਮਹਿਤਾ, 14 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)-** ਪੰਜਾਬ ਰਾਜ ਟ੍ਰੇਡਰਜ਼ ਕਮਿਸ਼ਨ (ਪੰਜਾਬ ਸਰਕਾਰ) ਦੇ ਮੈਂਬਰ ਸ਼ੀਤਲ ਜਨੇਜਾ ਅਤੇ ਸ੍ਰੀ ਵਿਨੀਤ ਵਰਮਾ ਨੇ ਸੀਨੀਅਰ 'ਆਪ' ਆਗੂ ਹਰਜਿੰਦਰ ਸਿੰਘ ਉਸਮਾਂ ਨੂੰ ਪੰਜਾਬ ਸਰਕਾਰ ਦੀ ਆਬਕਾਰੀ ਤੇ ਕਰ ਵਿਭਾਗ ਸਲਾਹਕਾਰ ਕਮੇਟੀ ਦੇ ਜਿਲ੍ਹਾ ਅੰਮ੍ਰਿਤਸਰ ਦਾ ਮੈਂਬਰ ਨਿਯੁਕਤ ਕੀਤਾ ਹੈ। ਇਸ ਨਿਯੁਕਤੀ ਤੇ ਹਰਜਿੰਦਰ ਸਿੰਘ ਉਸਮਾਂ ਨੇ ਸ੍ਰੀ ਸ਼ੀਤਲ ਜਨੇਜਾ ਅਤੇ ਸ੍ਰੀ ਵਿਨੀਤ ਵਰਮਾ ਸਮੇਤ ਸਮੁੱਚੀ ਪਾਰਟੀ ਹਾਈਕਮਾਂਡ ਦਾ ਧੰਨਵਾਦ ਕੀਤਾ ਅਤੇ ਆਖਿਆ ਕਿ ਪਾਰਟੀ ਨੇ ਮੇਰੇ ਉਪਰ ਜਿਸ ਵਿਸ਼ਵਾਸ਼ ਦਾ ਪ੍ਰਗਟਾਵਾ ਕੀਤਾ ਹੈ, ਮੈਂ ਉਸ ਤੇ ਹਮੇਸ਼ਾਂ ਖਰਾ ਉਤਰਨ ਦੀ ਕੋਸ਼ਿਸ਼ ਕਰਾਂਗਾ। ਇਸ ਦੌਰਾਨ ਸ੍ਰੀ ਸ਼ੀਤਲ ਜਨੇਜਾ ਅਤੇ ਸ੍ਰੀ ਵਿਨੀਤ ਵਰਮਾ ਨੇ ਸਾਂਝੇ ਤੌਰ ਤੇ ਗੱਲਬਾਤ ਕਰਦਿਆਂ ਕਿਹਾ ਕਿ ਹਰਜਿੰਦਰ ਉਸਮਾਂ ਮਿਹਨਤੀ ਅਤੇ ਆਪ ਪਾਰਟੀ ਦੇ ਵਫ਼ਾਦਾਰ ਆਗੂ ਹਨ, ਜਿਸ ਨੂੰ ਧਿਆਨ ਵਿਚ ਰੱਖਦਿਆਂ ਇਨ੍ਹਾਂ ਨੂੰ ਇਹ ਜਿੰਮੇਵਾਰੀ ਦਿੱਤੀ ਹੈ। ਉਨ੍ਹਾਂ ਆਖਿਆ ਕਿ ਪੰਜਾਬ ਸਰਕਾਰ ਸਾਰੇ ਸਨਅਤਕਾਰਾਂ ਅਤੇ ਵਪਾਰੀਆਂ ਨੂੰ ਸੂਬੇ ਦੇ ਵਿਕਾਸ ਵਿੱਚ ਭਾਈਵਾਲ ਮੰਨਦੀ ਹੈ, ਇਸ ਲਈ ਉਨ੍ਹਾਂ ਨੂੰ ਪੰਜਾਬ ਟ੍ਰੇਡਰਜ਼ ਕਮਿਸ਼ਨ ਦੀ ਅਗਵਾਈ ਵਿੱਚ ਸੂਬੇ ਦੇ ਆਰਥਿਕ ਵਿਕਾਸ ਅਤੇ ਉਦਯੋਗਿਕ ਖੁਸ਼ਹਾਲੀ ਵਾਸਤੇ ਸਾਜ਼ਗਾਰ ਮਾਹੌਲ ਸਿਰਜਣ ਲਈ ਵਪਾਰਕ ਭਾਈਚਾਰੇ ਵਲੋਂ ਕੀਤੇ ਜਾ ਰਹੇ ਯਤਨਾਂ 'ਚ ਭਾਈਵਾਲ ਹੁੰਦਿਆਂ ਉਨ੍ਹਾਂ ਦੀਆਂ ਦਰਪੇਸ਼ ਮੁਸ਼ਕਲਾਂ ਦੇ ਹੱਲ ਕਰਨ ਲਈ ਕੰਮ ਕਰਨਾ ਚਾਹੀਦਾ ਹੈ। ਉਨ੍ਹਾਂ ਮੀਟਿੰਗ ਦੌਰਾਨ ਜ਼ਿਲ੍ਹਾ ਕਮੇਟੀ ਦੇ ਮੈਂਬਰਾਂ ਨੂੰ ਭਰੋਸਾ ਦਿਵਾਇਆ ਕਿ ਪੰਜਾਬ ਰਾਜ ਟ੍ਰੇਡਰਜ਼ ਕਮਿਸ਼ਨ ਵਪਾਰਕ ਭਾਈਚਾਰੇ ਦੇ ਵਿਕਾਸ ਅਤੇ ਸਫਲਤਾ ਲਈ ਤਨਦੇਹੀ ਨਾਲ ਕੰਮ ਕਰਦਾ ਰਹੇਗਾ।



ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ AWAZE QAUM International Newspaper & WEB TV
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243





ਸਤਿਕਾਰ ਯੋਗ ਸਿੰਘ ਸਹਿਬ ,

ਜਥੇਦਾਰ ਸਾਹਿਬ ਜੀ ,
ਸ੍ਰੀ ਅਕਾਲ ਤਖਤ ਸਾਹਿਬ ,
ਸ੍ਰੀ ਅੰਮ੍ਰਿਤਸਰ ਸਾਹਿਬ ।
ਵਾਹਿਗੁਰੂ ਜੀ ਕਾ ਖਾਲਸਾ ।।
ਵਾਹਿਗੁਰੂ ਜੀ ਕੀ ਫਤਹਿ ਜੀ ।।

ਵਿਸ਼ਾ :- ਸ੍ਰੀ ਅਕਾਲ ਤਖਤ ਸਾਹਿਬ ਤੋਂ ਤਨਖਾਹੀਆ ਕਰਾਰ ਦਿੱਤੇ ਸੁਖਬੀਰ ਸਿੰਘ ਬਾਦਲ ਵੱਲੋਂ ਅਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਸ੍ਰ: ਹਰਜਿੰਦਰ ਸਿੰਘ ਧਾਮੀ ਵੱਲੋਂ ਸੰਸਥਾ, ਕੌਮ ਅਤੇ ਸ੍ਰੀ ਅਕਾਲ ਤਖਤ ਸਾਹਿਬ ਵਕਾਰ ਨੂੰ ਲਾਈ ਜਾ ਰਹੀ ਢਾਹ ਬਾਰੇ ।

ਸਨਿਮਰ ਬੇਨਤੀ ਹੈ ਸ੍ਰੀ ਅਕਾਲ ਤਖਤ ਸਾਹਿਬ ਤੋਂ ਤਨਖਾਹੀਆ ਕਰਾਰ ਦਿੱਤੇ ਸੁਖਬੀਰ ਸਿੰਘ ਬਾਦਲ ਵੱਲੋਂ ਸ੍ਰੀ ਅਕਾਲ ਤਖਤ ਸਾਹਿਬ ਨੂੰ ਸਿੱਧਾ ਚੈਲਿੰਜ ਕਰਦਿਆਂ ਸਰੇਆਮ ਸਿੱਖ ਸੰਗਤ , ਸ਼੍ਰੋਮਣੀ ਕਮੇਟੀ ਦੇ ਮੈਂਬਰਾਂ ਅਤੇ ਪ੍ਰਧਾਨ ਸ਼੍ਰੋਮਣੀ ਕਮੇਟੀ ਨਾਲ ਸਿੱਧੇ ਤੌਰ ਤੇ ਮੀਟਿੰਗਾਂ ਕਰਕੇ ਸ੍ਰੀ ਅਕਾਲ ਤਖਤ ਸਾਹਿਬ ਦੀ ਮਾਨ ਮਰਿਯਾਦਾ ,ਸਿਧਾਂਤ ਮਾਨ ਸਨਮਾਨ ਨੂੰ ਵੱਡੀ ਢਾਹ ਲਾ ਰਿਹਾ ਹੈ ਜੋ ਕਿ ਬਹੁਤ ਹੀ ਦੁਖਦਾਈ ਹੈ ਸਿੱਖ ਕੌਮ ਤਾਂ ਪਹਿਲਾਂ ਹੀ ਇਹਨਾਂ ਦੀਆਂ ਕੀਤੀਆਂ ਦੀ ਸਜਾ ਭੁਗਤ ਰਹੀ ਹੈ ।

ਸਿੱਖ ਕੌਮ ਦੀ ਸਰਬਉਚ ਸੰਸਥਾ ਸ਼੍ਰੋਮਣੀ ਕਮੇਟੀ ਦੇ ਹੀ ਪ੍ਰਧਾਨ ਵੱਲੋਂ ਵੀ ਸ੍ਰੀ ਅਕਾਲ ਤਖਤ ਸਾਹਿਬ ਤੋਂ ਜਾਰੀ ਹੁਕਮਨਾਮਿਆਂ ਨੂੰ ਵੀ ਨਹੀ ਮੰਨਿਆ ਜਾ ਰਿਹਾ ਅਤੇ ਤਨਖਾਹੀਆ ਐਲਾਨੇ ਗਏ ਸੁਖਬੀਰ ਸਿੰਘ ਬਾਦਲ ਦੇ ਨਿਰੰਤਰ ਸੰਪੰਰਕ ਵਿੱਚ ਹੈ ਜਿਸ ਦਾ ਵਿਸਥਾਰ ਹੇਠ ਅਨੁਸਾਰ ਹੈ :-

1. ਸ੍ਰੀ ਅਕਾਲ ਤਖਤ ਸਾਹਿਬ ਵੱਲੋ ਬੰਦੀ ਸਿੰਘਾਂ ਦੀ ਰਿਹਾਈ ਲਈ ਠੋਸ ਉਪਰਾਲੇ ਕਰਨ ਲਈ ਕਿਹਾ ਗਿਆ ਸੀ । ਭਾਈ ਬਲਵੰਤ ਸਿੰਘ ਰਾਜੋਆਣਾ ਨੂੰ ਜੇਲ ਵਿੱਚ ਆਪ ਜੀ ਨਾਲ ਮਿਲ ਕੇ ਦੋ ਮਹੀਨੇ ਅੰਦਰ ਮਸਲਾ ਹੱਲ ਕਰਨ ਦਾ ਵਾਅਦਾ ਕੀਤਾ ਗਿਆ ਸੀ ਪਰ ਅੱਜ ਤੱਕ ਕੋਈ ਠੋਸ ਉਪਰਾਲਾ ਨਹੀ ਕੀਤਾ ਗਿਆ। ਜਿਸ ਨਾਲ ਸ੍ਰੀ ਅਕਾਲ ਤਖਤ ਸਾਹਿਬ ਦੀ ਸਪਸ਼ਟਤਾ ਤੇ ਸਵਾਲ ਖੜ੍ਹੇ ਹੋ ਰਹੇ ਹਨ ।ਬੰਦੀ ਸਿੰਘਾ ਦੀ ਰਿਹਾਈ ਲਈ ਸ਼੍ਰੋਮਣੀ ਕਮੇਟੀ ਵੱਲੋ ਭਰੇ ਗਏ ਫਾਰਮ ਕਿਸੇ ਵੀ ਤਣ ਪੱਤਣ ਨਾ ਲਾਉਣੇ ਭਾਵ ਕਿ ਦੇਸ਼ ਦੇ ਰਾਸ਼ਟਰਪਤੀ ਨੂੰ ਦੇਣ ਦੀ ਬਜਾਏ ਚੰਡੀਗੜ੍ਹ ਗਵਰਨਰ ਤੱਕ ਹੀ ਸੀਮਤ ਕਰ ਦਿੱਤੇ ਗਏ।

2. ਭਾਰਤ ਸਰਕਾਰ ਖਿਲਾਫ ਉਲੀਕੇ ਗਏ ਦਿੱਲੀ ਜਾਣ ਦੇ ਪ੍ਰੋਗਰਾਮ ਨੂੰ ਸ੍ਰ: ਧਾਮੀ ਨੇ ਇਕੱਲਿਆਂ ਹੀ ਇੱਕ ਦਿਨ ਪਹਿਲਾਂ ਤਾਰਪੀਡੋ ਕਰ ਦਿੱਤਾ ।ਜਦ ਕਿ ਸਾਰੀਆਂ ਜਥੇਬੰਦੀਆਂ ਵਿੱਚ ਜਾਣ ਲਈ ਬਹੁਤ ਉਤਸ਼ਾਹ ਅਤੇ ਭਾਰਤ ਸਰਕਾਰ ਤੇ ਭਾਰੀ ਦਬਾਅ ਸੀ ।ਸ੍ਰ: ਧਾਮੀ ਨੇ ਸ੍ਰੀ ਅਕਾਲ ਤਖਤ ਸਾਹਿਬ ਦਾ ਹੁਕਮ ਵੇਚ ਕੇ ਭਾਰਤ ਸਰਕਾਰ ਨਾਲ ਵੱਡਾ ਸੌਦਾ ਕੀਤਾ ਹੈ ।

3. ਸ੍ਰੀ ਅਕਾਲ ਤਖਤ ਸਾਹਿਬ ਵੱਲੋ ਬਣਾਈ ਗਈ 328 ਸਰੂਪਾਂ ਵਾਲੀ ਕਮੇਟੀ ਦੀ ਰੀਪੋਰਟ ਅਨੁਸਾਰ ਸ਼੍ਰੋਮਣੀ ਕਮੇਟੀ ਦੇ ਰੱਖੇ ਸੀ.ਏ. ਕੋਹਲੀ ਤੋਂ ਬਣਦੀ ਕਰੋੜਾਂ ਦੀ ਵਸੂਲੀ ਅੱਜ ਤੱਕ ਨਾ ਕਰਨਾ ਸ੍ਰੀ ਅਕਾਲ ਤਖਤ ਸਾਹਿਬ ਦੇ ਹੁਕਮਾਂ ਨੂੰ ਸਿੱਧਾ ਚੈਲਿੰਜ ਹੈ ।

4. ਸੌਦਾ ਸਾਧ ਦੀ ਮੁਆਫੀ ਦੇ ਇਸ਼ਤਿਹਾਰਾਂ ਤੇ ਸ੍ਰੀ ਅਕਾਲ ਸਾਹਿਬ ਨੂੰ ਸਪਸ਼ਟ ਨਾ ਕਰਨਾ ਸ਼੍ਰੋਮਣੀ ਕਮੇਟੀ ਦੇ ਸਾਬਕਾ ਜਾਂ ਮੌਜੂਦਾ ਅਧਿਕਾਰੀ ਸਭ ਜਾਣਦੇ ਹਨ ਕਿ ਇਹ ਮੈਟਰ ਕਿਥੋਂ ਅਤੇ ਕਿਵੇਂ ਆਇਆ ਸਪਸ਼ਟ ਹੋਣਾ ਚਾਹੀਦਾ ਹੈ ।ਇਸ ਮਸਲੇ ਤੇ ਸ੍ਰੀ ਅਕਾਲ ਤਖਤ ਸਾਹਿਬ ਤੇ ਸਪਸ਼ਟੀਕਰਨ ਦੇਣ ਸਮੇ ਇੱਕ ਸੈਕਟਰੀ ਲੈਵਲ ਦੇ ਅਧਿਕਾਰੀ ਨੂੰ ਜਵਾਬ ਦੇਹ ਬਣਾਉਣਾ ਸ੍ਰੀ ਅਕਾਲ ਤਖਤ ਸਾਹਿਬ ਦੀ ਮਹਾਨਤਾ ਨੂੰ ਘਟਾ ਕੇ ਵੇਖਣਾ ਹੈ। ਜਦ ਕਿ ਇਹ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਦਾ ਫਰਜ ਸੀ ਕਿ ਸਾਰੀ ਸਥਿਤੀ ਸਪਸ਼ਟ ਕੀਤੀ ਜਾਂਦੀ ਵਿਸਥਾਰਤ ਰੀਪੋਰਟ ਬਣਾਈ ਜਾਂਦੀ ਪ੍ਰੰਤੂ ਦੋ ਲਾਈਨਾਂ ਦੀ ਚਿੱਠੀ ਸਕੱਤਰ ਦੇ ਦਸਤਖਤਾਂ ਹੇਠ ਭੇਜ ਕੇ ਸ੍ਰੀ ਅਕਾਲ ਤਖਤ ਸਾਹਿਬ ਤੋਂ ਬਹੁਤ ਕੁਝ ਛੁਪਾ ਲਿਆ ਗਿਆ ।



5. ਪੀ.ਟੀ.ਸੀ.ਚੈਨਲ ਤੇ ਮਿਸ ਵਰਲਡ ਦੇ ਨਾਮ ਤੇ ਕੁੜੀਆਂ ਨਾਲ ਕੀਤੇ ਜਿਨਸੀ ਸੋਸ਼ਣ ਦੇ ਮੱਦੇਨਜਰ ਸਿੱਖ ਪੰਥ ਵਿੱਚ ਭਾਰੀ ਰੋਸ ਕਾਰਨ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਸ਼੍ਰੋਮਣੀ ਕਮੇਟੀ ਪ੍ਰਧਾਨ ਸ੍ਰ ਹਰਜਿੰਦਰ ਸਿੰਘ ਧਾਮੀ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਨਵਾਂ ਚੈਨਲ ਸ਼ੁਰੂ ਕਰਨ ਦੇ ਕੀਤੇ ਆਦੇਸ਼ ਦੇ ਸਬੰਧ ਵਿੱਚ ਦਿੱਤੇ ਭਰੋਸੇ ਦੇ ਬਾਵਜੂਦ ਤਿੰਨ ਸਾਲ ਲਈ ਪੀ.ਟੀ.ਸੀ. ਨਾਲ ਕੁਨਟਰੈਕਟ ਵਧਾਉਣਾ ਅਤੇ ਨਵਾਂ ਚੈਨਲ ਨਾ ਲਾਉਣਾ ਸ੍ਰੀ ਅਕਾਲ ਤਖਤ ਸਾਹਿਬ ਦੇ ਕੀਤੇ ਗਏ ਹੁਕਮਾਂ ਦੀ ਅਦੂਲੀ ਹੈ।ਇਸੇ ਕਰਕੇ ਹੀ ਸਿਰਮੌਰ ਸੰਸਥਾ ਲੋਕ ਰੋਹ ਦਾ ਸ਼ਿਕਾਰ ਹੈ ।

6. ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਅਧੀਨ ਬਾਬਾ ਗਾਂਧਾ ਸਿੰਘ ਬਰਨਾਲਾ ਦੇ ਸੁਪਰੀਮ ਕੋਰਟ ਵਿੱਚ ਚਲਦੇ ਕੇਸ ਨੂੰ ਸਟੇਟਸ ਸਕੋਅ ਹੋਣ ਦੇ ਬਾਵਜੂਦ ਵਾਪਸ ਲੈਣਾ ,ਡੇਰੇ ਦੇ ਮਹੰਤਾਂ ਨੂੰ ਬਾਹਰ ਕਰਕੇ ਅਣਅਧਿਕਾਰਤ ਲੋਕਾਂ ਦੀ ਜਾਅਲੀ ਕਮੇਟੀ ਬਣਾ ਕੇ ਸਮਝੌਤਾ ਕਰਕੇ 200 ਏਕੜ ਜਾਇਦਾਦ ਅਤੇ 60 ਦੁਕਾਨਾ ਆਪਣੇ ਕਬਜੇ ਵਿੱਚੋਂ ਦੇ ਦੇਣੀਆਂ। ਇਸ ਤੋਂ ਹੋਰ ਦੋ ਕਦਮ ਅੱਗੇ ਲੰਘ ਕੇ ਦੋ ਸਾਲ ਦਾ ਠੇਕਾ ਇੱਕ ਕਰੋੜ ਉਨਾਹਠ ਲੱਖ ਰੁਪਏ ਸ਼੍ਰੋਮਣੀ ਕਮੇਟੀ ਵੱਲੋਂ ਦੇਣਾ ਐਸੀ ਮਿਲੀ ਭੁਗਤ ਅਤੇ ਵੱਡੀ ਕੁਰੱਪਸ਼ਨ ਸਾਬਤ ਕਰਦਾ ਹੈ। ਅਜਿਹਾ ਸਭ ਉਸ ਸਮੇਂ ਕੀਤਾ ਹੈ ਜਦੋਂ ਦੋ ਮਹੰਤਾਂ ਦਾ ਕੇਸ ਚਲਦਾ ਹੋਵੇ ਅਤੇ ਸਟੇਟਸ ਸਕੋਅ ਹੋਵੇ। ਸ਼੍ਰੋਮਣੀ ਕਮੇਟੀ ਨੂੰ ਸੁਪਰੀਮ ਕੋਰਟ ਦੀ ਅਦਾਲਤੀ ਮਾਨਹਾਨੀ ਦੇ ਕਟਹਿਰੇ ਵਿੱਚ ਖੜਾ ਕਰਨ ਦਾ ਅਪਰਾਧ ਕੀਤਾ ਗਿਆ ਹੈ ।ਇਹ ਸਿਰਮੌਰ ਸੰਸਥਾਂ ਦੇ ਵਕਾਰ ਨੂੰ ਬਹੁਤ ਵੱਡੀ ਢਾਹ ਲਾਈ ਹੈ ।

7. ਸ੍ਰ: ਹਰਜਿੰਦਰ ਸਿੰਘ ਧਾਮੀ ਦੇ ਕਾਰਜਕਾਲ ਦੁਰਾਨ ਗੁਰੂਘਰਾਂ ਅੰਦਰ ਕੜਾਹਿ ਪ੍ਰਸਾਦਿ ਅਤੇ ਲੰਗਰਾਂ ਲਈ ਵਰਤਿਆ ਜਾ ਰਿਹਾ ਦੇਸੀ ਘਿਓ ਸਰਕਾਰੀ ਫਰਮਾਂ ਤੋਂ ਲੈਣ ਦੀ ਬਜਾਏ ਪ੍ਰਾਈਵੇਟ ਕੰਪਨੀਆਂ ਤੋਂ ਬਹੁਤ ਹੀ ਘਟੀਆ ਮਿਆਰ ਅਤੇ ਬਲੈਕ ਲਿਸਟ ਕੀਤੀਆਂ ਫਰਮਾਂ ਤੋ ਖ੍ਰੀਦ ਕੀਤਾ ਜਾ ਰਿਹਾ ਹੈ ਜੋ ਕਿ ਸ਼੍ਰੋਮਣੀ ਕਮੇਟੀ ਅੰਦਰ ਕਿਸੇ ਵੱਡੇ ਘਪਲੇ ਦਾ ਸੰਕੇਤ ਦਿੰਦਾ ਹੈ ।


8. ਸ਼੍ਰੋਮਣੀ ਕਮੇਟੀ ਨੂੰ ਦੋਫਾੜ ਕਰਕੇ ਹਰਿਆਣਾ ਕਮੇਟੀ ਬਣਾਈ ਗਈ ਸ਼੍ਰੋਮਣੀ ਕਮੇਟੀ ਪ੍ਰਧਾਨ ਜਾਂ ਸ਼੍ਰੋਮਣੀ ਅਕਾਲੀ ਦਲ ਕੋਈ ਠੋਸ ਪ੍ਰੋਗਰਾਮ ਦੇਣ ਜਾਂ ਕਿਸੇ ਕਿਸਮ ਦੀ ਚਾਰਾਜੋਈ ਕਰਨ ਵਿੱਚ ਅਸਫਲ ਰਿਹਾ। ਇਥੋਂ ਤੱਕ ਕਿ ਭਾਰਤ ਸਰਕਾਰ ਤੱਕ ਕੋਈ ਪਹੁੰਚ ਤੱਕ ਨਹੀ ਕੀਤੀ ਗਈ ।ਨਾ ਹੀ ਕੌਮ ਨੂੰ ਕੋਈ ਪ੍ਰੋਗਰਾਮ ਦੇ ਸਕੇ ।

9. ਸੁਖਬੀਰ ਸਿੰਘ ਬਾਦਲ ਖਿਲਾਫ ਕਾਰਵਾਈ ਕਰਨ ਲਈ ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਜਥੇਦਾਰ ਅਵਤਾਰ ਸਿੰਘ ਮੱਕੜ,ਸਾਬਕਾ ਮੁੱਖ ਸਕੱਤਰ ਸ੍ਰ ਹਰਚਰਨ ਸਿੰਘ, ਸਾਬਕਾ ਜਥੇਦਾਰ ਗੁਰਮੁੱਖ ਸਿੰਘ ਤਖਤ ਸ੍ਰੀ ਦਮਦਮਾ ਸਾਹਿਬ ਹਾਲ ਹੈਡ ਗ੍ਰੰਥੀ ਸ੍ਰੀ ਅਕਾਲ ਤਖਤ ਸਾਹਿਬ ਦੀਆਂ ਸੋਸ਼ਲ ਮੀਡੀਆ ਤੇ ਚਲਦੀਆਂ ਸਪੀਚਾਂ ਅਤੇ ਖੁਦ ਵੱਲੋਂ ਬਣਾਈਆਂ ਗਈਆਂ ਸਿੱਟਾਂ ਨੂੰ ਅਧਾਰ ਮੰਨਿਆ ਜਾਵੇ ।

ਸ੍ਰ ਹਰਜਿੰਦਰ ਸਿੰਘ ਧਾਮੀ ਦੇ ਕਾਰਜ ਕਾਲ ਨੂੰ ਸਭ ਤੋਂ ਮਾੜੇ ਕਾਰਜ ਕਾਲ ਵਜੋਂ ਵੇਖਿਆ ਜਾਵੇਗਾ ਜਿਸ ਨੇ ਸ਼੍ਰੋਮਣੀ ਕਮੇਟੀ ਨੂੰ ਇੱਕ ਨਿੱਜੀ ਜਾਇਦਾਦ ਵਾਂਗ ਵਰਤਿਆ ਹੈ । ਸ੍ਰੀ ਅਕਾਲ ਤਖਤ ਸਾਹਿਬ ਦੇ ਕਿਸੇ ਵੀ ਆਦੇਸ਼ ਦੀ ਪਾਲਣਾ ਨਹੀ ਕੀਤੀ। ਜੇਕਰ ਸ਼੍ਰੋਮਣੀ ਅਕਾਲੀ ਦਲ ਅਤੇ ਸ਼੍ਰੋਮਣੀ ਕਮੇਟੀ ਦੇ ਔਹਦੇਦਾਰ ਅਤੇ ਪ੍ਰਧਾਨ ਸ਼੍ਰੋਮਣੀ ਕਮੇਟੀ ਹੀ ਸ੍ਰੀ ਅਕਾਲ ਤਖਤ ਸਾਹਿਬ ਦੇ ਹੁਕਮਨਾਮਿਆਂ ਨੂੰ ਚੈਲਿੰਜ ਕਰਨਗੇ ਤਾਂ ਆਮ ਸਿੱਖ ਕੀ ਪ੍ਰਭਾਵ ਲੈਣਗੇ ? ਸੋ ਕ੍ਰਿਪਾ ਕਰਕੇ ਸ੍ਰ ਸੁਖਬੀਰ ਸਿੰਘ ਬਾਦਲ ਅਤੇ ਮੌਜੂਦਾ ਪ੍ਰਧਾਨ ਸ਼੍ਰੋਮਣੀ ਕਮੇਟੀ ਸ੍ਰ ਹਰਜਿੰਦਰ ਸਿੰਘ ਧਾਮੀ ਪਰ ਸ੍ਰੀ ਅਕਾਲ ਤਖਤ ਸਾਹਿਬ ਜੀ ਦੀਆਂ ਪ੍ਰੰਪਰਾਵਾਂ ਪੰਥਕ ਸਿਧਾਤਾਂ ਦੀ ਉਲੰਘਣਾ ਕਰਨ ਦੇ ਦੋਸ਼ ਵਿੱਚ ਮਰਿਯਾਦਾ ਅਨੁਸਾਰ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇ ਜੀ ।ਜੋ ਇਤਿਹਾਸ ਅੰਦਰ ਇੱਕ ਮਿਸਾਲ ਬਣ ਜਾਵੇ ।ਤਾਂ ਜੋ ਅੱਗੇ ਕੋਈ ਵੀ ਪ੍ਰਧਾਨ ਜਾਂ ਔਹਦੇਦਾਰ ਅਜਿਹੀਆਂ ਆਪਹੁਦਰੀਆਂ ਕਾਰਵਾਈਆਂ ਕਰਨ ਦੀ ਜੁਅਰਤ ਨਾ ਕਰ ਸਕੇ ।

ਧੰਨਵਾਦ ਸਹਿਤ ,

ਗੁਰੂ ਪੰਥ ਦੇ ਦਾਸ ,



**ਸ਼੍ਰੋਮਣੀ ਅਕਾਲੀ ਦਲ ਸੁਧਾਰ ਲਹਿਰ ਦੇ ਮਾਸਟਰ ਮਿੱਠੂ ਸਿੰਘ ਕਾਹਨੇਕੇ, ਜਥੇਦਾਰ ਮਹਿੰਦਰ ਸਿੰਘ ਹੁਸੈਨਪੁਰ, ਜਥੇਦਾਰ ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ ਅਤੇ ਸ: ਮਲਕੀਤ ਸਿੰਘ ਚੰਗਾਲ ਐਸਜੀਪੀਸੀ ਮੈਂਬਰਾਂ ਦੇ ਦਸਤਖਤਾਂ ਹੇਠ ਜਥੇਦਾਰ ਸਾਹਿਬ ਸ਼੍ਰੀ ਅਕਾਲ ਤਖਤ ਸਾਹਿਬ ਨੂੰ ਇਕ ਮੰਗ ਪੱਤਰ। (ਫੋਟੋ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)**

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

International Daily Newspaper & WEB TV

(ਯੂ. ਕੇ. ਤੋਂ ਪ੍ਰਕਾਸ਼ਿਤ)

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 15 ਅਕਤੂਬਰ 2024 (ਨਾਨਕਸ਼ਾਹੀ ਸੰਮਤ : ੫੫੬, ੩੦ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243












ਦਮਦਮੀ ਟਕਸਾਲ ਦੇ ਪ੍ਰਸਿੱਧ ਕੀਰਤਨੀਏ ਭਾਈ ਰਣਜੀਤ ਸਿੰਘ ਸੰਗੋਜਲਾ ਬੀਬੀ ਗੁਰਪਿੰਦਰ ਕੌਰ ਦੀ ਨਵਜੰਮੀ ਪੋਤਰੀ ਬੱਚੀ ਜਿੰਦ ਕੌਰ ਸਪੁੱਤਰੀ ਭਾਈ ਸੁਖਦੀਪ ਸਿੰਘ ਬੀਬੀ ਜਸਦੀਪ ਕੌਰ ਦਾ ਉਨਾਂ ਦੇ ਗ੍ਰਹਿ ਨਿਊਯਾਰਕ ਯੂਐਸਏ ਵਿਖੇ ਜਨਮ ਸੰਸਕਾਰ ਕਰਦੇ ਹੋਏ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243